ਗੁਰੂ ਪਿਆਰੀ ਸਾਧ ਸੰਗਤ ਜੀਓ,

ਸਾਰੀ ਦੁਨੀਆਂ ਦੇ ਸਾਂਝੇ ਰਹਿਬਰ ਤੇ ਸਰਬ ਸਾਂਝੀਵਾਲਤਾ ਦਾ ਸੁਨੇਹਾ ਦੇਣ ਵਾਲੇ ਜਗਤਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਬੇਅੰਤ-ਬੇਅੰਤ ਵਧਾਈਆਂ।

ਅਸੀਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਅਰਦਾਸ ਕਰਦੇ ਹਾਂ, ਸਤਿਗੁਰੂ ਗੁਰੂ ਨਾਨਕ ਦੇਵ ਦੇ ਬਖਸ਼ੇ ਹੋਏ ਸਿਧਾਂਤਾਂ 'ਤੇ ਸਿੱਖ ਕੌਮ ਪਹਿਰਾ ਦੇ ਸਕੇ ਅਤੇ ਸਿੱਖ ਧਰਮ 'ਤੇ ਹੋ ਰਹੇ ਹਮਲਿਆਂ ਦਾ ਡੱਟ ਕੇ ਮੁਕਾਬਲਾ ਕਰਦੇ ਹੋਏ ਹਰ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਆਪਣਾ ਯੋਗਦਾਨ ਪਾ ਕੇ ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਦਾ ਪਾਤਰ ਬਣੇ।

--★ ਗੁਰੂ ਪੰਥ ਦੀ ਸੇਵਾਦਾਰ ★--



ਬੀਬੀ ਗੁਰਮੇਲ ਕੌਰ ਹਾਲੈਂਡ

ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰੀ

ਵੱਡੀ ਗਿਣਤੀ 'ਚ ਹਾਜ਼ਰ ਸਿੱਖ ਸੰਗਤਾਂ ਨੇ ਕਥਾ ਵਿਚਾਰ ਦਾ ਲਾਹਾ ਲਿਆ
















ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ 23 ਨਵੰਬਰ 2026 ਨੂੰ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ। ਇਸ ਮੌਕੇ ਵੱਡੀ ਗਿਣਤੀ 'ਚ ਹਾਜ਼ਰ ਸਿੱਖ ਸੰਗਤਾਂ ਨੇ ਕਥਾ ਵਿਚਾਰ ਦਾ ਲਾਹਾ ਲਿਆ।



ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

WAARIS PUNJAB DE CANADA

(A Voice for Justice, Service & Panth)

"ਨਾਨਕ ਨਾਮ ਚੜ੍ਹਦੀ ਕੱਲਾ,
ਤੇਰੇ ਭਾਣੇ ਸਰਬੱਤ ਦਾ ਭਲਾ"



ਸ਼੍ਰੀ ਗੁਰੂ ਨਾਨਕ ਦੇਵ ਜੀ ਦੇ

ਪ੍ਰਕਾਸ਼ ਪੁਰਬ

ਦੀਆਂ ਆਪ ਸਭ ਨੂੰ

ਲੱਖ-ਲੱਖ ਵਧਾਈਆਂ

ਆਓ, ਗੁਰੂ ਸਾਹੀਬ ਦੇ ਦਰਸ਼ਨ ਤੋਂ ਪ੍ਰੇਰਨਾ ਲੈ ਕੇ
ਸੱਚ, ਸੇਵਾ ਅਤੇ ਭਾਈਚਾਰੇ ਦੇ ਰਾਹ 'ਤੇ ਚੱਲੀਏ!

ਜਾਰੀ ਕਰਤਾ :

ਪਰਮਿੰਦਰ ਸਿੰਘ ਪਾਗਲੀ ਪ੍ਰਧਾਨ ਵਾਰਿਸ ਪੰਜਾਬ ਈਸ਼ਟ,
ਜਸਵਿੰਦਰ ਸਿੰਘ ਮੁੱਖ ਸੇਵਾਦਾਰ ਪਾਰਕ ਐਕਸ਼, ਸੁਰਜੀਤ ਸਿੰਘ ਭਾਊ ਮੁੱਖ ਸੇਵਾਦਾਰ ਲਸ਼ਾਲ,
ਨਰਿੰਦਰ ਸਿੰਘ ਮਿੰਨਹਾਸ, ਬਲਰਾਜ ਸਿੰਘ ਢਿੱਲੋ, ਬਲਵਿੰਦਰ ਸਿੰਘ, ਰਸ਼ਪਾਲ ਸਿੰਘ ਬਦੇਸ਼ਾ,
ਸਰਬਜੀਤ ਸਿੰਘ ਮਿੰਨਹਾਸ ਅਤੇ ਮੁਲਖ ਸਿੰਘ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ





ਤਲਵੰਡੀ ਸਾਬੋ, 23 ਨਵੰਬਰ ਗੁਰਜੰਟ ਸਿੰਘ ਨਥੇਹਾ)- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਕੂਲ ਵਿੱਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ ਅਤੇ ਅਰਦਾਸ ਕੀਤੀ ਗਈ। ਸੁਖਮਨੀ ਸਾਹਿਬ ਦੇ ਪਾਠ ਰਾਹੀਂ ਸਰਬੱਤ ਦੇ ਭਲੇ ਅਤੇ ਵਿਦਿਆਰਥੀਆਂ ਦੇ ਭਵਿੱਖ ਲਈ ਅਰਦਾਸ ਕੀਤੀ। ਜਿਸ ਵਿੱਚ ਸਕੂਲ ਦੇ ਸਮੂਹ ਅਧਿਆਪਕਾਂ, ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਵੱਲੋਂ ਦਿੱਤੇ ਗਏ ਸਰਬੱਤ ਦੇ ਭਲੇ, ਸੱਚਾਈ, ਇਮਾਨਦਾਰੀ, ਸਮਾਨਤਾ, ਨਾਮ ਜਪਣ ਅਤੇ ਕਿਰਤ ਕਰਨ ਦੇ ਸੰਦੇਸ਼ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਵਿਦਿਆਰਥੀਆਂ ਵੱਲੋਂ ਨਾਮ ਸਿਮਰਨ ਕੀਤਾ ਗਿਆ। ਪਾਠ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਅਤੇ ਤਿਆਰ ਕੀਤਾ ਗਿਆ ਲੰਗਰ ਸਮੂਹ ਸੰਗਤ ਨੂੰ ਛਕਾਇਆ ਗਿਆ। ਇਸ ਮੌਕੇ ਵਿਦਿਆਰਥੀਆਂ, ਅਧਿਆਪਕਾਂ ਅਤੇ ਹੋਰ ਸੇਵਾਦਾਰਾਂ ਨੇ ਸ਼ਰਧਾ ਭਾਵਨਾ ਨਾਲ ਹਾਜ਼ਰੀ ਭਰੀ ਅਤੇ ਸੇਵਾ ਨਿਭਾਈ ਗਈ। ਸਾਰਿਆਂ ਨੇ ਇਸ ਸਮਾਗਮ ਵਿੱਚ ਉਤਸ਼ਾਹ ਦਿਖਾਇਆ ਅਤੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਸਫਲਤਾਪੂਰਵਕ ਸਮਾਪਤ ਹੋ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਵਿਨੋਦ ਖੁਰਾਣਾ, ਸਕੂਲ ਦੇ ਪ੍ਰਧਾਨ ਸ੍ਰੀ ਲਗਨ ਖੁਰਾਣਾ, ਪ੍ਰਿੰਸੀਪਲ ਮੈਡਮ ਮੀਨੂੰ ਗਰਗ, ਸੀਨੀਅਰ ਸਕੂਲ ਕੋਆਰਡੀਨੇਟਰ ਮੈਡਮ ਬੇਅੰਤ ਕੌਰ ਅਤੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਦਸਮੇਸ਼ ਵਿਦਿਅਕ ਸੰਸਥਾਵਾਂ ਵਿਖੇ

ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਮਨਾਇਆ



ਚੌਕ ਮਹਿਤਾ, 23 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਵਿਖੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ 557ਵਾਂ ਪ੍ਰਕਾਸ਼ ਪੁਰਬ ਬਹੁਤ ਹੀ ਸ਼ਰਧਾ ਪੂਰਵਕ ਤੇ ਧੂਮ ਧਾਮ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਕੂਲ ਵਿੱਚ ਚੱਲ ਰਹੇ ਸਹਿਜ ਪਾਠ ਦਾ ਭੋਗ ਪਾਇਆ ਗਿਆ। ਭੋਗ ਉਪਰੰਤ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਰਾਹੀਂ ਸਭ ਨੂੰ ਨਿਹਾਲ ਕੀਤਾ ਤੇ ਹੋਰ ਸਟੇਜੀ ਗਤੀਵਿਧੀਆਂ ਜਿਵੇਂ ਕਵੀਸ਼ਰੀ, ਕਵਿਤਾ ਅਤੇ ਭਾਸ਼ਣ ਆਦਿ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮਹਿਮਾ ਦਾ ਜਸ ਗਾਇਨ ਕੀਤਾ ਗਿਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੋਦ ਦਾ ਆਨੰਦ ਮਾਣ ਰਹੇ ਇਸ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਨੇ ਇਸ ਦਿਨ ਨੂੰ ਯਾਦਗਾਰੀ ਬਣਾਉਣ ਲਈ ਹਰ ਪ੍ਰਕਾਰ ਦਾ ਯੋਗਦਾਨ ਦਿੱਤਾ। ਸਕੂਲ ਮੈਨੇਜਮੈਂਟ ਵੱਲੋਂ ਵਿਦਿਆਰਥੀਆਂ ਲਈ ਖੀਰ ਦਾ ਅਟੁੱਟ ਲੰਗਰ ਵੀ ਵਰਤਾਇਆ ਗਿਆ। ਦਸਮੇਸ਼ ਵਿਦਿਅਕ ਸੰਸਥਾਵਾਂ ਦੇ ਚੇਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਲੋਕਾਂ ਨੂੰ ਸਿੱਧੇ ਰਸਤੇ ਪਾਉਣ ਲਈ ਕੀਤੀਆਂ ਗਈਆਂ ਉਦਾਸੀਆਂ ਤੇ ਹੋਰ ਘਾਲਣਾ ਬਾਰੇ ਦੱਸਦੇ ਹੋਏ ਵਿਦਿਆਰਥੀਆਂ ਨੂੰ ਉਹਨਾਂ ਦੁਆਰਾ ਦਿੱਤੇ ਗਏ ਉਪਦੇਸ਼ਾਂ ਉੱਪਰ ਚੱਲਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰਿੰਸੀਪਲ ਮੈ. ਗੁਰਬੀਰ ਕੌਰ, ਮੈ. ਰਵਿੰਦਰ ਕੌਰ, ਮੈ. ਹਰਪ੍ਰੀਤ ਕੌਰ, ਮੈ. ਸੁਧਾ ਸ਼ਰਮਾ, ਸਰ ਅੰਮ੍ਰਿਤਪਾਲ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਜਲਾਲ ਵਿਚ ਅਵਾਰਾ ਕੁੱਤਿਆਂ ਦੇ ਝੁੰਡ ਨੇ ਲਈ 8 ਸਾਲਾ ਮਾਸੂਮ ਦੀ ਜਾਨ ਲਈ

ਚੌਕ ਮਹਿਤਾ, 23 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਪਿੰਡ ਜਲਾਲ ਤੋਂ ਇੱਕ ਬੇਹੱਦ ਦੁਖਦਾਈ ਅਤੇ ਦਿਲ ਕੰਬਾਊ ਘਟਨਾ ਸਾਹਮਣੇ ਆਈ ਹੈ, ਜਿੱਥੇ ਅਵਾਰਾ ਕੁੱਤਿਆਂ ਦੇ ਹਮਲੇ ਕਾਰਨ 8 ਸਾਲਾ ਮਾਸੂਮ ਬੱਚੇ ਦੀ ਜਾਨ ਚਲੀ ਗਈ। ਜਾਣਕਾਰੀ ਅਨੁਸਾਰ ਮਾਸੂਮ ਰਣਜੀਤ ਸਿੰਘ ਜੋ ਅੱਜ ਸਵੇਰੇ ਰੋਜ਼ਾਨਾ ਦੀ ਤਰ੍ਹਾਂ ਪਿੰਡ ਦੇ ਸਰਕਾਰੀ ਸਕੂਲ ਵਿੱਚ ਪੜ੍ਹਨ ਲਈ ਘਰੋਂ ਨਿਕਲਿਆ



ਸੀ, ਜਦੋਂ ਗਲੀ ਵਿੱਚੋਂ ਲੰਘ ਰਿਹਾ ਸੀ ਤਾਂ ਅਚਾਨਕ ਅਵਾਰਾ ਕੁੱਤਿਆਂ ਦੇ ਝੁੰਡ ਨੇ ਉਸ 'ਤੇ ਹਮਲਾ ਕਰ ਦਿੱਤਾ। ਇਸ ਹਮਲੇ ਕਾਰਨ ਬੱਚਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਅਤੇ ਮੌਕੇ 'ਤੇ ਹੀ ਉਸ ਦੀ ਮੌਤ ਹੋ ਗਈ। ਸਭ ਤੋਂ ਦੁਖਦਾਈ ਗੱਲ ਇਹ ਹੈ ਕਿ ਰਣਜੀਤ ਸਿੰਘ ਤਿੰਨ ਭੈਣਾਂ ਦਾ ਇਕਲੌਤਾ ਭਰਾ ਸੀ। ਜਿਸ ਘਰ ਵਿੱਚ ਅੱਜ ਬੱਚੇ ਦੀਆਂ ਸਕੂਲ ਜਾਣ ਦੀਆਂ ਤਿਆਰੀਆਂ ਹੋਣੀਆਂ ਸਨ, ਉੱਥੇ ਹੁਣ ਵਿਰਲਾਪ ਅਤੇ ਸੋਗ ਦਾ ਮਾਹੌਲ ਹੈ। ਇਸ ਮੰਦਭਾਗੀ ਘਟਨਾ ਨੇ ਪੂਰੇ ਪਿੰਡ ਜਲਾਲ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਸ ਘਟਨਾ ਨੇ ਇੱਕ ਵਾਰ ਫਿਰ ਇਲਾਕੇ ਵਿੱਚ ਅਵਾਰਾ ਕੁੱਤਿਆਂ ਦੀ ਸਮੱਸਿਆ ਅਤੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਲੋਕਾਂ ਵੱਲੋਂ ਪ੍ਰਸ਼ਾਸਨ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਠੋਸ ਕਦਮ ਚੁੱਕੇ ਜਾਣ, ਤਾਂ ਜੋ ਕਿਸੇ ਹੋਰ ਪਰਿਵਾਰ ਨੂੰ ਇਸ ਤਰ੍ਹਾਂ ਦਾ ਅਸਹਿ ਦੁੱਖ ਨਾ ਸਹਿਣਾ ਪਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਸਾਹਿਬ ਦੇ ਇਨਕਲਾਬੀ ਫ਼ਲਸਫ਼ੇ ਅਤੇ ਜਾਤ-ਪਾਤ ਦੇ ਖਾਤਮੇ ਦਾ ਸੁਨੇਹਾ

ਕਰਮ-ਕਾਂਡਾਂ ਤੇ ਰੀਤੀ-ਰਿਵਾਜਾਂ ਦੀ ਥਾਂ ਸਿੱਖੀ ਦੇ ਬੁਨਿਆਦੀ ਸਿਧਾਂਤਾਂ ਨੂੰ ਮੁੜ ਸੁਰਜੀਤ ਕਰਨ ਦੀ ਲੋੜ



ਜੀਵਨ ਸਿੰਘ ਤਮਿਲ ਨੇ ਪ੍ਰੈਸ ਨੋਟ ਜਾਰੀ ਕਰਦਿਆ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਸਿੱਖ ਗੁਰੂਆਂ ਦੀਆਂ ਕ੍ਰਾਂਤੀਕਾਰੀ ਸਿੱਖਿਆਵਾਂ ਨੂੰ ਢਾਹ ਲਾ ਕੇ ਕਮਜ਼ੋਰ ਕੀਤਾ ਜਾ ਰਿਹਾ ਹੈ । ਉਨ੍ਹਾਂ ਦੇ ਬਿਆਨ ਮੁਤਾਬਿਕ, ਅੱਜ ਅਸਲ ਵਿਚਾਰਧਾਰਾ ਨੂੰ ਛੱਡ ਕੇ ਰੀਤੀ-ਰਿਵਾਜਾਂ ਅਤੇ ਆਡੰਬਰਾਂ ਨੂੰ ਮੁੱਖ ਸਥਾਨ ਦਿੱਤਾ ਜਾ ਰਿਹਾ ਹੈ, ਜਿਸ ਰਾਹੀਂ ਸਿੱਖ ਫ਼ਲਸਫ਼ੇ ਵਿੱਚ ਘੁਸਪੈਠ ਕਰ ਚੁੱਕੀਆਂ ਬ੍ਰਾਹਮਣਵਾਦੀ ਪ੍ਰਵਿਰਤੀਆਂ ਇਸ ਦੀ ਬੁਨਿਆਦੀ ਸੋਚ ਨੂੰ ਖ਼ਤਮ ਕਰਨ ਲਈ ਕੰਮ ਕਰ ਰਹੀਆਂ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖੀ ਸਿਧਾਂਤਾਂ ਦੇ ਇਤਿਹਾਸਕ ਪੱਖ ਤੋਂ ਵੇਖਿਆ ਜਾਵੇ ਤਾਂ ਗੁਰੂ ਸਾਹਿਬਾਨ ਨੇ ਹਮੇਸ਼ਾ ਮਨੁੱਖੀ ਬਰਾਬਰੀ, ਸੱਚਾਈ, ਅਜ਼ਾਦੀ ਅਤੇ ਸਮਾਜਿਕ ਨਿਆਂ ਦਾ ਹੋਕਾ ਦਿੱਤਾ ਹੈ । ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰੇ ਨੂੰ ਜੜ੍ਹੋਂ ਖ਼ਤਮ ਕਰਨਾ ਗੁਰੂ ਸਾਹਿਬ ਦੇ ਸਿਧਾਂਤ ਦਾ ਅਹਿਮ ਹਿੱਸਾ ਰਿਹਾ ਹੈ । ਉਨ੍ਹਾਂ ਦਾ ਸਪੱਸ਼ਟ ਸੰਦੇਸ਼ ਸੀ ਕਿ ਹਰ ਮਨੁੱਖ ਅੰਦਰ ਇੱਕੋ ਪ੍ਰਭੂ ਦੀ ਜੋਤ ਹੈ, ਇਸ ਲਈ ਜਾਤ ਜਾਂ ਕੁਲ ਦੇ ਅਧਾਰ 'ਤੇ ਕਿਸੇ ਨਾਲ ਵਿਤਕਰਾ ਨਹੀਂ ਕੀਤਾ ਜਾ ਸਕਦਾ । ਇਸ ਇਨਕਲਾਬੀ ਸਿਧਾਂਤ ਦੀ ਸਭ ਤੋਂ ਵੱਡੀ ਅਤੇ ਪ੍ਰਤੱਖ ਉਦਾਹਰਨ 1699 ਦੀ ਵਿਸਾਖੀ ਨੂੰ ਖਾਲਸਾ ਪੰਥ ਦੀ ਸਾਜਨਾ ਸਮੇਂ ਪੰਜ ਪਿਆਰਿਆਂ ਦੇ ਰੂਪ ਵਿੱਚ ਮਿਲਦੀ ਹੈ । ਇਹ ਪੰਜੇ ਪਿਆਰੇ ਦੇਸ਼ ਦੇ ਵੱਖ-ਵੱਖ ਕੋਨਿਆਂ ਅਤੇ ਵੱਖ-ਵੱਖ ਜਾਤੀ-ਪਿਛੋਕੜਾਂ ਨਾਲ ਸਬੰਧਤ ਸਨ । ਗੁਰੂ ਸਾਹਿਬ ਨੇ ਉਨ੍ਹਾਂ ਨੂੰ ਇੱਕੋ ਬਾਟੇ ਵਿੱਚੋਂ ਅੰਮ੍ਰਿਤ ਛਕਾ ਕੇ ਅਤੇ 'ਸਿੰਘ' ਤੇ 'ਕੌਰ' ਦਾ ਸਰੂਪ ਬਖ਼ਸ਼ ਕੇ ਜਾਤ-ਪਾਤ ਦੀਆਂ ਸਾਰੀਆਂ ਕੰਧਾਂ ਨੂੰ ਸਦਾ ਲਈ ਢਾਹ ਦਿੱਤਾ ਅਤੇ ਸਮੁੱਚੀ ਮਨੁੱਖਤਾ ਨੂੰ ਏਕਤਾ ਤੇ ਸਮਾਨਤਾ ਦਾ ਅਟੁੱਟ ਸੰਦੇਸ਼ ਦਿੱਤਾ। ਗੁਰੂ ਸਾਹਿਬਾਨ ਨੇ ਕਰਮ-ਕਾਂਡਾਂ, ਅੰਧਵਿਸ਼ਵਾਸਾਂ, ਧਾਰਮਿਕ ਦਿਖਾਵੇ ਅਤੇ ਪੁਜਾਰੀਵਾਦ ਦੀ ਥਾਂ ਕਿਰਤ ਕਰਨ, ਨਾਮ ਜਪਣ ਅਤੇ ਵੰਡ ਛਕਣ ਦੇ ਵਿਹਾਰਕ ਤੇ ਅਮਲੀ ਜੀਵਨ-ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ । ਅਸਲ ਸਿੱਖੀ ਉਹ ਵਿਚਾਰਧਾਰਾ ਹੈ ਜੋ ਮਨੁੱਖ ਨੂੰ ਅੰਦਰੂਨੀ ਤੌਰ 'ਤੇ ਜਾਗਰੂਕ ਕਰਦੀ ਹੈ, ਜ਼ੁਲਮ ਵਿਰੁੱਧ ਆਵਾਜ਼ ਬੁਲੰਦ ਕਰਨ ਦਾ ਹੌਸਲਾ ਦਿੰਦੀ ਹੈ ਅਤੇ ਸਮਾਜ ਵਿੱਚ ਬਰਾਬਰੀ ਤੇ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦੀ ਹੈ।

-ਬਹੁਜਨ ਦ੍ਰਾਵਿੜ ਪਾਰਟੀ, ਰਾਸ਼ਟਰੀ ਪ੍ਰਧਾਨ ਜੀਵਨ ਸਿੰਘ ਤਮਿਲ

ਜਦੋਂ ਵੀ ਕਿਸੇ ਸਮਾਜ ਵਿੱਚ ਬਾਹਰੀ ਆਡੰਬਰਾਂ, ਗੀਤੀ-ਰਿਵਾਜਾਂ ਅਤੇ ਪੁਜਾਰੀਵਾਦੀ ਪ੍ਰਵਿਰਤੀਆਂ ਦਾ ਬੋਲਬਾਲਾ ਵਧਦਾ ਹੈ, ਤਾਂ ਮੂਲ ਇਨਕਲਾਬੀ ਸਿਧਾਂਤਾਂ ਦੀ ਰੌਸ਼ਨੀ ਮੱਧਮ ਪੈਣ ਦਾ ਖ਼ਤਰਾ ਬਣ ਜਾਂਦਾ ਹੈ । ਇਸ ਲਈ ਮੌਜੂਦਾ ਦੌਰ ਵਿੱਚ ਇਹ ਬਹੁਤ ਜ਼ਰੂਰੀ ਹੋ ਜਾਂਦਾ ਹੈ ਕਿ ਗੁਰਬਾਣੀ ਅਤੇ ਗੁਰੂ ਇਤਿਹਾਸ ਦੀ ਅਸਲ ਭਾਵਨਾ ਨੂੰ ਗੰਭੀਰਤਾ ਨਾਲ ਸਮਝਿਆ ਜਾਵੇ ਅਤੇ ਉਸ ਨੂੰ ਆਪਣੇ ਰੋਜ਼ਾਨਾ ਵਿਹਾਰਕ ਜੀਵਨ ਦਾ ਹਿੱਸਾ ਬਣਾਇਆ ਜਾਵੇ । ਜਾਤ-ਪਾਤ ਦੇ ਖਾਤਮੇ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਸਿਰਫ਼ ਕਿਸੇ ਇੱਕ ਖਾਸ ਵਰਗ ਜਾਂ ਸਮੇਂ ਤੱਕ ਸੀਮਤ ਨਹੀਂ ਹੈ, ਸਗੋਂ ਇਹ ਇੱਕ ਸਦੀਵੀ ਅਤੇ ਵਿਸ਼ਵ-ਵਿਆਪੀ ਮਨੁੱਖੀ ਸਿਧਾਂਤ ਹੈ । ਗੁਰੂ ਸਾਹਿਬ ਦਾ ਮਾਰਗ ਸਪੱਸ਼ਟ ਦਰਸਾਉਂਦਾ ਹੈ ਕਿ ਕੋਈ ਵੀ ਜਾਤ, ਧਰਮ ਜਾਂ ਜਨਮ ਕਿਸੇ ਮਨੁੱਖ ਨੂੰ ਉੱਚਾ ਜਾਂ ਨੀਵਾਂ ਨਹੀਂ ਬਣਾਉਂਦਾ, ਸਗੋਂ ਮਨੁੱਖ ਦੇ ਉੱਚੇ-ਸੁੱਚੇ ਕਰਮ, ਨੈਤਿਕ ਕਿਰਦਾਰ ਅਤੇ ਸੱਚਾਈ ਹੀ ਉਸ ਦੀ ਅਸਲ ਪਛਾਣ ਹੁੰਦੇ ਹਨ।

ਅੰਤ ਵਿੱਚ, ਜੀਵਨ ਸਿੰਘ ਤਮਿਲ ਵੱਲੋਂ ਉਠਾਏ ਗਏ ਮੁੱਖ ਸੰਦਰਭ ਅਤੇ ਸਿੱਖੀ ਦੇ ਬੁਨਿਆਦੀ ਸਿਧਾਂਤਾਂ ਦੀ ਰੌਸ਼ਨੀ ਵਿੱਚ ਇਹ ਸਪੱਸ਼ਟ ਹੁੰਦਾ ਹੈ ਕਿ ਗੁਰੂ ਸਾਹਿਬਾਨ ਦੇ ਕ੍ਰਾਂਤੀਕਾਰੀ ਵਿਚਾਰਾਂ ਨੂੰ ਬਚਾਉਣ ਲਈ ਜਾਤ-ਪਾਤ, ਸੰਪਰਦਾਇਕਤਾ ਅਤੇ ਕਰਮ-ਕਾਂਡਾਂ ਤੋਂ ਉੱਪਰ ਉੱਠ ਕੇ ਸੱਚੀ-ਸੁੱਚੀ ਮਨੁੱਖਤਾਵਾਦੀ ਸੋਚ ਅਤੇ ਬਰਾਬਰੀ ਦੇ ਰਾਹ 'ਤੇ ਚੱਲਣਾ ਹੀ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ । **-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਗੁਰਪੁਰਬ ਨੂੰ ਸਮਰਪਿਤ

ਮਹਾਨ ਨਗਰ ਕੀਰਤਨ ਸਜਾਇਆ











ਜਗਰਾਉਂ -(ਵਰਿਆਮ ਹਠੂਰ) ਜਿਲ੍ਹਾ ਲੁਧਿਆਣਾ ਦੇ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਨਗਰ ਦੀਆਂ ਗੁਰਸੰਗਤਾਂ ਅਤੇ ਐੱਨ ਆਰ ਆਈ ਗੁਰਸੰਗਤਾਂ ਦੇ ਸਹਿਯੋਗ ਸਦਕਾ ਸਿੱਖ ਧਰਮ ਦੇ ਬਾਨੀ ਪਹਿਲੇ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਰਦਾਸ ਬੇਨਤੀ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ, ਪੰਜ ਪਿਆਰਿਆਂ ਦੀ ਅਗਵਾਈ ਅਤੇ ਖਾਲਸਾ ਪੰਥ ਦੇ ਝੁਲਦੇ ਨਿਸ਼ਾਨਾਂ ਹੇਠ ਤੇ ਵੱਜਦੇ ਹੋਏ ਨਗਾਰੇ ਨਾਲ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਮਹਾਨ ਨਗਰ ਕੀਰਤਨ ਸਜਾਇਆ, ਸਭ ਤੋਂ ਅੱਗੇ ਸੇਵਾਦਾਰ ਬੀਬੀਆਂ ਭੈਣਾਂ ਵੱਲੋਂ ਸਾਫ ਸਫਾਈ ਦੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਸਨ। ਤੇ ਪੁਰਾਤਨ ਰਵਾਇਤਾਂ ਅਨੁਸਾਰ ਸੇਵਾਦਾਰਾਂ ਵੱਲੋਂ ਫੁੱਲਾਂ ਨਾਲ ਸਜਾਈ ਪਾਲਕੀ ਨੂੰ ਮੋਢਿਆਂ ਤੇ ਰੱਖ ਕੇ ਪੜ੍ਹਾਅ ਦਰ ਪੜ੍ਹਾਅ ਨਗਰ ਦੀ ਪ੍ਰਕਰਮਾਂ ਕੀਤੀ, ਮਹਾਨ ਨਗਰ ਕੀਰਤਨ ਦੇ ਦਰਸ਼ਨ ਦੀਦਾਰੇ ਕਰਨ ਲਈ ਨਗਰ ਅਤੇ ਆਸ ਪਾਸ ਤੋਂ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਪੁੱਜੀਆਂ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਤੇ ਗੁਰੂ ਸਾਹਿਬ ਤੋਂ ਫੁੱਲਾਂ ਦੀ ਵਰਖਾ ਕੀਤੀ ਤੇ ਗੁਰ ਇਤਿਹਾਸ ਦਾ ਅਨੰਦ ਮਾਣਿਆ, ਮਹਾਨ ਨਗਰ ਕੀਰਤਨ ਵਿੱਚ ਪ੍ਰਸਿੱਧ ਕਵੀਸ਼ਰ ਭਾਈ ਕਲਵੰਤ ਸਿੰਘ ਜੀ ਮਾਣੂੰਕੇ ਵਾਲਿਆਂ ਦੇ ਕਵੀਸ਼ਰੀ ਜੱਥੇ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਸਬੰਧੀ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ, ਤੇ ਨਾਲ ਨਾਲ ਇਤਿਹਾਸਕ ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਹਜੂਰੀ ਰਾਗੀ ਭਾਈ ਹਰਜਿੰਦਰ ਸਿੰਘ ਜੀ ਰਾਜਾ ਰਸੂਲਪੁਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਕੀਰਤਨ ਦੀਆਂ ਸੇਵਾਵਾਂ ਨਿਭਾਈਆਂ, ਸੇਵਾਦਾਰਾਂ ਵੱਲੋਂ ਵੱਖ-ਵੱਖ ਪੜ੍ਹਾਵਾਂ ਤੇ ਚਾਹ ਪਾਣੀ ਅਤੇ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ, ਅੰਤ ਵਿੱਚ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੇ ਪ੍ਰਧਾਨ ਜੋਰਾ ਸਿੰਘ ਸਿੱਧੂ ਰਸੂਲਪੁਰ ਨੇ ਮਹਾਨ ਨਗਰ ਕੀਰਤਨ ਵਿੱਚ ਹਾਜਰੀਆਂ ਭਰਨ ਵਾਲੀਆਂ ਸਮੂਹ ਗੁਰਸੰਗਤਾਂ, ਸੇਵਾਦਾਰਾਂ ਅਤੇ ਸਹਿਯੋਗ ਕਰਨ ਵਾਲੀਆਂ ਸਮੂਹ ਨਗਰ ਅਤੇ ਐੱਨ ਆਰ ਆਈ ਗੁਰਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਤੇ ਸਮੂਹ ਗੁਰਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਦੀਆਂ ਵਧਾਈਆਂ ਦਿੱਤੀਆਂ, ਸੇਵਾਦਾਰਾਂ ਵੱਲੋਂ ਵਧੀਆ ਸੇਵਾਵਾਂ ਨਿਭਾਉਣ ਲਈ ਪ੍ਰਧਾਨ ਭਾਈ ਜੋਰਾ ਸਿੰਘ ਰਸੂਲਪੁਰ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ, ਤੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਮਹਾਨ ਨਗਰ ਕੀਰਤਨ ਦੀ ਸਮਾਪਤੀ ਹੋਈ, ਇਸ ਮੌਕੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ, ਅਤੇ ਨੌਜਵਾਨ ਸੇਵਾਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਠਾਠਾਂ ਮਾਰਦੇ ਇਕੱਠ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਕੀਤਾ ਸਿਜਦਾ ਭੇਟ

ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ: ਬੱਲ ਮਲਕੀਤ ਸਿੰਘ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈ ਦਿੱਤੀ

ਨਵੀਂ ਦਿੱਲੀ 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਪ੍ਰਕਾਸ਼ ਪੁਰਬ ਮੌਕੇ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਸਰਦਾਰ ਬੱਲ ਮਲਕੀਤ ਸਿੰਘ ਨੇ ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਮੂਹ ਸੰਗਤਾਂ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਮਹਾਨ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਸਦੀਵੀ ਪ੍ਰੇਰਨਾ ਸਰੋਤ ਹਨ, ਜੋ ਮਨੁੱਖ ਨੂੰ ਸੱਚ, ਪਿਆਰ, ਸਮਾਨਤਾ, ਸੇਵਾ, ਨਿਮਰਤਾ ਅਤੇ ਆਪਸੀ ਭਾਈਚਾਰੇ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖ਼ਸ਼ਿਸ਼ਆ ਗਿਆ 'ਨਾਮ ਜਪੋ, ਕਿਰਤ ਕਰੋ ਅਤੇ ਵੰਡ ਛਕੋ' ਦਾ ਸਰਵਵਿਆਪੀ ਸਿਧਾਂਤ ਅੱਜ ਵੀ ਸਮੁੱਚੀ ਦੁਨੀਆ ਲਈ ਬੇਹੱਦ ਪ੍ਰਸੰਗਿਕ ਹੈ। ਗੁਰੂ ਸਾਹਿਬ ਨੇ ਆਪਣੇ ਜੀਵਨ ਅਤੇ ਉਪਦੇਸ਼ਾਂ ਰਾਹੀਂ ਜਾਤ-ਪਾਤ, ਧਰਮ, ਵਰਗ, ਨਸਲ ਅਤੇ ਹਰ ਤਰ੍ਹਾਂ ਦੇ ਵਿਤਕਰੇ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਏਕਤਾ ਅਤੇ ਬਰਾਬਰੀ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਸਮਾਜ ਵਿੱਚ ਫੈਲੀਆਂ ਕੁਰੀਤੀਆਂ, ਅੰਧਵਿਸ਼ਵਾਸਾਂ ਅਤੇ ਅਸਮਾਨਤਾਵਾਂ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਹਰ ਮਨੁੱਖ ਨੂੰ ਸਤਿਕਾਰ ਅਤੇ ਬਰਾਬਰ ਹੱਕ ਦੇਣ ਦੀ ਪ੍ਰੇਰਨਾ ਦਿੱਤੀ। ਸਰਦਾਰ ਬੱਲ ਮਲਕੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦਾ ਅਸਲ ਮਹੱਤਵ ਕੇਵਲ ਧਾਰਮਿਕ ਸਮਾਗਮਾਂ ਅਤੇ ਰਸਮਾਂ ਤੱਕ ਸੀਮਤ ਰਹਿਣ ਵਿੱਚ ਨਹੀਂ, ਸਗੋਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ, ਸੋਚ ਅਤੇ ਵਿਹਾਰ ਵਿੱਚ ਅਪਣਾਉਣ ਵਿੱਚ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੇ ਦੱਸੇ ਮਾਰਗ 'ਤੇ ਚੱਲਦਿਆਂ ਸਮਾਜ ਵਿੱਚ ਪਿਆਰ, ਸਦਭਾਵਨਾ, ਸੇਵਾ, ਸਾਂਝ ਅਤੇ ਏਕਤਾ ਨੂੰ ਮਜ਼ਬੂਤ ਕਰਨ ਲਈ ਆਪਣਾ ਯੋਗਦਾਨ ਪਾਉਣ, ਤਾਂ ਜੋ ਗੁਰੂ ਸਾਹਿਬ ਦੇ ਸਰਬੱਤ ਦੇ ਭਲੇ ਦੇ ਸੰਦੇਸ਼ ਨੂੰ ਵਿਸ਼ਵ ਦੇ ਕੋਨੇ-ਕੋਨੇ ਤੱਕ ਪਹੁੰਚਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ



ਚੌਕ ਮਹਿਤਾ,23 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ, ਭਾਸ਼ਣਾਂ, ਕਵਿਤਾਵਾਂ ਅਤੇ ਵੱਖ-ਵੱਖ ਗਤੀਵਿਧੀਆਂ ਰਾਹੀਂ ਗੁਰੂ ਸਾਹਿਬ ਜੀ ਦੇ ਜੀਵਨ, ਸਿੱਖਿਆਵਾਂ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਸਾਂਝਾ ਕੀਤਾ। ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਗੁਰੂ ਨਾਨਕ ਦੇਵ ਜੀ ਦੇ ਤਿੰਨ ਮੁੱਖ ਸਿਧਾਂਤਾਂ—ਨਾਮ ਜਪੋ, ਕਿਰਤ ਕਰੋ ਅਤੇ ਵੰਡ ਛਕੋ—ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਗੁਰੂ ਸਾਹਿਬ ਵੱਲੋਂ ਦਿੱਤੇ ਸਮਾਨਤਾ, ਸੇਵਾ, ਨਿਮਰਤਾ ਅਤੇ ਮਨੁੱਖਤਾ ਦੇ ਭਲੇ ਦੇ ਸੰਦੇਸ਼ ਨੂੰ ਵੀ ਬਹੁਤ ਸੁੰਦਰ ਢੰਗ ਨਾਲ ਪੇਸ਼ ਕੀਤਾ। ਇਸ ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਗੁਰਮਤਿ ਵਿਰਸੇ ਨਾਲ ਜੁੜਨ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਨਾ ਮਿਲੀ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹਨ। ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਜਾਤ-ਪਾਤ, ਉੱਚ-ਨੀਚ ਅਤੇ ਭੇਦਭਾਵ ਤੋਂ ਉੱਪਰ ਉੱਠ ਕੇ ਸੇਵਾ, ਸੱਚਾਈ ਅਤੇ ਆਪਸੀ ਪਿਆਰ ਦੀ ਭਾਵਨਾ ਅਪਣਾਉਣੀ ਚਾਹੀਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਕੇਵਲ ਪੜ੍ਹਨ ਤੱਕ ਸੀਮਤ ਨਾ ਰੱਖ ਕੇ ਆਪਣੇ ਰੋਜ਼ਾਨਾ ਜੀਵਨ ਵਿੱਚ ਅਮਲ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮਿਊਜ਼ਿਕ ਟੀਚਰ ਗੁਰਮੁਖ ਸਿੰਘ, ਮੈਡਮ ਮਨਦੀਪ ਕੌਰ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ ਸਮੇਤ ਸਮੂਹ ਸਕੂਲ ਸਟਾਫ਼ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਬਹੇੜਾ ਦੇ ਸਰਕਾਰੀ ਹਾਈ ਸਕੂਲ ਨੂੰ ਅਪਗ੍ਰੇਡ ਕਰਕੇ ਬਣਾਇਆ ਸੀਨੀਅਰ ਸੈਕੰਡਰੀ ਸਕੂਲ

ਹੁਸ਼ਿਆਰਪੁਰ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਸੁਧਾਰਾਂ ਤਹਿਤ ਪਿੰਡ ਬਹੇੜਾ ਦੇ ਸਰਕਾਰੀ ਹਾਈ ਸਕੂਲ ਨੂੰ ਅਪਗ੍ਰੇਡ ਕਰਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (12ਵੀਂ ਜਮਾਤ ਤੱਕ) ਬਣਾ ਦਿੱਤਾ ਗਿਆ ਹੈ। ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਸਕੂਲ ਪਹੁੰਚ ਕੇ ਇਸ ਪ੍ਰਾਪਤੀ ਦੀ ਖੁਸ਼ੀ ਪਿੰਡ ਵਾਸੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਸਾਂਝੀ ਕੀਤੀ ਅਤੇ ਸਾਰਿਆਂ ਨੂੰ ਵਧਾਈ ਦਿੱਤੀ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਇਤਿਹਾਸਕ ਫੈਸਲੇ ਲੈ ਰਹੀ ਹੈ। ਪਿੰਡ ਬਹੇੜਾ ਦੇ ਸਰਕਾਰੀ ਹਾਈ ਸਕੂਲ ਨੂੰ ਸੀਨੀਅਰ ਸੈਕੰਡਰੀ ਪੱਧਰ ਤੱਕ ਅਪਗ੍ਰੇਡ ਕਰਨਾ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਇਸ ਨਾਲ ਇਲਾਕੇ ਦੇ ਬੱਚਿਆਂ ਨੂੰ ਹੁਣ 12ਵੀਂ ਜਮਾਤ ਤੱਕ ਸਿੱਖਿਆ ਪ੍ਰਾਪਤ ਕਰਨ ਲਈ ਦੂਰ-ਦੁਰਾਡੇ ਦੇ ਸਕੂਲਾਂ ਵਿੱਚ ਨਹੀਂ ਜਾਣਾ ਪਵੇਗਾ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਖਾਸ ਤੌਰ 'ਤੇ ਲੜਕੀਆਂ ਨੂੰ ਵੱਡੀ ਸਹੂਲਤ ਮਿਲੇਗੀ, ਕਿਉਂਕਿ ਉਨ੍ਹਾਂ ਨੂੰ ਉੱਚੀਆਂ ਜਮਾਤਾਂ ਦੀ ਪੜ੍ਹਾਈ ਲਈ ਘਰ ਤੋਂ ਦੂਰ ਜਾਣ ਦੀ ਲੋੜ ਨਹੀਂ ਪਵੇਗੀ। ਇਸ ਨਾਲ ਵਿਦਿਆਰਥੀਆਂ ਨੂੰ ਸੁਰੱਖਿਅਤ, ਸੁਵਿਧਾਜਨਕ ਅਤੇ ਬਿਹਤਰ ਵਿਦਿਅਕ ਮਾਹੌਲ ਵਿੱਚ ਪੜ੍ਹਾਈ ਕਰਨ ਦਾ ਮੌਕਾ ਮਿਲੇਗਾ। ਕੈਬਨਿਟ ਮੰਤਰੀ ਨੇ ਇਸ ਮਹੱਤਵਪੂਰਨ ਫੈਸਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਵਿਭਾਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੇ ਨਿਰਮਾਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਿੱਖਿਆ ਰਾਹੀਂ ਹੀ ਸਮਾਜ ਅਤੇ ਸੂਬੇ ਦੀ ਤਰੱਕੀ ਦੇ ਨਵੇਂ ਰਾਹ ਖੋਲ੍ਹੇ ਜਾ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ

ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ

ਨਵੀਂ ਦਿੱਲੀ, 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਗੁਰਦੁਆਰਾ ਸੀਸਗੰਜ ਸਾਹਿਬ ਤੋਂ ਆਰੰਭ ਹੋ ਕੇ ਵੱਖ-ਵੱਖ ਇਲਾਕਿਆਂ ਵਿੱਚੋਂ ਹੁੰਦਾ ਹੋਇਆ ਗੁਰਦੁਆਰਾ ਨਾਨਕ ਪਿਆਊ ਸਾਹਿਬ ਵਿਖੇ ਸੰਪੰਨ ਹੋਇਆ। ਨਗਰ ਕੀਰਤਨ ਦੀ ਆਰੰਭਤਾ ਮੌਕੇ ਅਰਦਾਸ ਉਪਰੰਤ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤੇ। ਨਗਰ ਕੀਰਤਨ ਦੇ ਰਸਤੇ ਵਿੱਚ ਸੰਗਤਾਂ ਵੱਲੋਂ ਥਾਂ-ਥਾਂ ਸਵਾਗਤ ਕੀਤਾ ਗਿਆ ਅਤੇ ਲੰਗਰਾਂ ਦੇ ਪ੍ਰਬੰਧ ਕੀਤੇ ਗਏ। ਫੁੱਲਾਂ ਦੀ ਵਰਖਾ ਕਰਕੇ ਸੰਗਤਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਨਗਰ ਕੀਰਤਨ ਦਾ ਸਵਾਗਤ ਕੀਤਾ। ਨਗਰ ਕੀਰਤਨ ਵਿੱਚ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਵਿਦਿਆਰਥੀਆਂ ਦੇ ਜੱਥਿਆਂ, ਨਿਹੰਗ ਸਿੰਘ ਜਥੇਬੰਦੀਆਂ ਅਤੇ ਗੁਰੂ ਕੀਆਂ ਲਾਡੀਆਂ ਫੌਜਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਨਿਹੰਗ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਵੀ ਵਿਖਾਏ ਗਏ। ਸੰਗਤਾਂ ਦੀ ਵੱਡੀ ਹਾਜ਼ਰੀ ਅਤੇ ਸ਼ਰਧਾ ਕਾਰਨ ਨਗਰ ਕੀਰਤਨ ਨਿਰਧਾਰਿਤ ਸਮੇਂ ਤੋਂ ਦੇਰੀ ਨਾਲ ਗੁਰਦੁਆਰਾ ਨਾਨਕ ਪਿਆਊ ਸਾਹਿਬ ਵਿਖੇ ਪਹੁੰਚਿਆ। ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਦੁਨੀਆਵੀ ਹਨੇਰੇ ਵਿੱਚ ਘਿਰੀ ਮਨੁੱਖਤਾ ਨੂੰ ਸੱਚ, ਬ

ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ

ਗੁਰਦੁਆਰਾ ਨਾਨਕਸਰ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ



ਜੰਡਿਆਲਾ ਗੁਰੂ, 23 ਨਵੰਬਰ (**ਕੁਲਵੰਤ ਸਿੰਘ ਵਿਰਦੀ**)-ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆ ਦੀ ਅਗਵਾਈ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਵਿਸਾਲ ਨਗਰ ਕੀਰਤਨ ਸਜਾਇਆ ਗਿਆ ਨਗਰ ਕੀਰਤਨ ਗੁਰਦੁਆਰਾ ਨਾਨਕਸਰ ਸਾਹਿਬ ਤੋਂ ਆਰੰਭ ਹੋ ਕਿ ਜੀ ਟੀ ਰੋਡ ਸ੍ਰੀ ਗੁਰੂ ਤੇਗ ਬਹਾਦਰ ਕਾਲੋਨੀ, ਪਿੰਡ ਗੁੰਨੋਵਾਲ,ਪਿੰਡ ਗੋਰੇਵਾਲ,ਪਿੰਡ ਮੱਲ੍ਹੀਆ,ਤਾਰਾਗੜ੍ਹ,ਧਾਰੜ ,ਤਿੰਮੋਵਾਲ,ਏਕਲਗੱਡਾ ,ਦੀਨੇਵਾਲ, ਜਹਾਂਗੀਰ, ਧਾਰੜ ਤੋਂ ਹੁੰਦਾ ਹੋਇਆ ਸਹਿਰ ਜੰਡਿਆਲਾ ਗੁਰੂ ਦੀ ਪ੍ਰਕਰਮਾ ਕਰਦਿਆਂ ਹੋਇਆ ਦੇਰ ਸ਼ਾਮ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਨਗਰ ਕੀਰਤਨ ਸਮਾਪਤ ਹੋਇਆ ! ਇਸ ਮੌਕੇ ਗੁਰਦੁਆਰਾ ਨਾਨਕਸਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਗੱਲਬਾਤ ਦੌਰਾਨ ਕਿਹਾ ਕਿ ਸਮੂਹ ਦੇਸ ਵਿਦੇਸ ਵਿੱਚ ਵਸਦੀਆਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਪੁਰਬ ਦੀਆਂ ਅਤੇ ਧੰਨ ਧੰਨ ਬਾਬਾ ਨੰਦ ਸਿੰਘ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆ ਹੋਇਆ ਕਿਹਾ ਕਿ ਕਲਯੁਗ ਦੇ ਜੀਵਾਂ ਨੂੰ ਤਾਰਨ ਲਈ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੇ ਅਵਤਾਰ ਧਾਰਿਆ ਅਤੇ ਪੂਰੀ ਮਨੁੱਖਤਾ ਨੂੰ ਬਾਣੀ ਪੜ੍ਹ ਕਿ ਆਪਣੇ ਜੀਵਨ ਨੂੰ ਸਫਲ ਬਣਾਉਣ ਲਈ ਸੰਦੇਸ਼ ਦਿੱਤਾ ਅਤੇ ਕਿਰਤ ਕਰਕੇ ਵੰਡ ਛਕਣ ਦਾ ਹੁਕਮ ਕੀਤਾ ਅਤੇ ਨਗਰ ਕੀਰਤਨ ਦਾ ਮੁੱਖ ਉਦੇਸ਼ ਇਹੀ ਹੈ ਕਿ ਗੁਰੂ ਸਾਹਿਬ ਦਾ ਸੰਦੇਸ਼ ਘਰ-ਘਰ ਪਹੁੰਚਾਉਣਾ ਅਤੇ ਬਾਣੀ ਪੜ੍ਹ ਜੀਵਨ ਨੂੰ ਸਫਲ ਬਣਾਉਣਾ ਅਤੇ ਲੋੜਵੰਦਾਂ ਦੀ ਮੱਦਦ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸੀਆ ਦੇ ਪਾਤਰ ਬਣਨਾ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਸਰਬ ਰੋਗ ਕਾ ਅਉਖਦੁ ਨਾਮੁ ਨੂੰ ਸਮਰਪਿਤ ਘਰ ਘਰ ਦੁਖ ਨਿਵਾਰਨ ਕੈਂਪ ਲਗਾਏ ਜਾਂਦੇ ਹਨ ਅਤੇ ਸੰਗਤਾਂ ਇਨਾਂ ਕੈਂਪਾ ਦਾ ਹਿੱਸਾ ਬਣ ਕਿ ਆਪਣੇ ਜੀਵਨ ਨੂੰ ਸਫਲ ਬਣਾ ਰਹੀਆਂ ਹਨ ਅੱਜ ਅਵਤਾਰ ਪੁਰਬ ਮੌਕੇ ਸੰਗਤਾਂ ਨੂੰ ਬੇਨਤੀ ਹੈ ਕਿ ਹਰੇਕ ਸੰਗਤ ਪ੍ਰਾਣੀ ਨੂੰ ਗੁਰਬਾਣੀ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ ਜੋ ਸਮੇਂ ਦੀ ਵੀ ਮੁੱਖ ਲੋੜ ਹੈ ਅਤੇ ਸੈਂਕੜੇ ਸਾਲ ਪਹਿਲਾਂ ਗੁਰੂ ਸਾਹਿਬ ਜੀ ਨੇ ਸਾਨੂੰ ਸਮਝਾਉਣਾ ਕੀਤਾ ਹੈ ! ਇਸ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਕਲੋਨੀ ਵਿਖੇ ਸੰਗਤਾਂ ਨੂੰ ਪਕੌੜਿਆਂ ਚਾਹ ਦੇ ਲੰਗਰ ਛਕਾਏ ਗਏ ਅਤੇ ਵੱਖ-ਵੱਖ ਪੜਾਵਾਂ ਤੇ ਪਿੰਡਾਂ ਵਿੱਚ ਵੀ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ ਪੰਜਾਂ ਪਿਆਰਿਆ ਨੂੰ ਸਿਰਪਾਓ ਅਤੇ ਗੁਰੂ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤੇ ਗਏ ! ਇਸ ਮੌਕੇ ਗਤਕਾ ਅਖਾੜਾ ਦੇ ਜਥੇਦਾਰ ਬਾਬਾ ਮਨੋਜ ਸਿੰਘ ਦੇ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਦਿਖਾ ਕਿ ਸੰਗਤਾਂ ਨੂੰ ਨਿਹਾਲ ਕੀਤਾ ! ਸਮਾਪਤੀ ਮੌਕੇ ਬਾਬਾ ਬਿਬੇਕ ਵਲੋਂ ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕਰਦਿਆ ਹੋਇਆ ਕਿਹਾ ਕਿ ਜਿਨਾਂ ਸੰਗਤਾਂ ਨੇ ਨਗਰ ਕੀਰਤਨ ਵਿੱਚ ਹਾਜਰੀਆਂ ਭਰੀਆਂ ਅਤੇ ਨਗਰ ਕੀਰਤਨ ਦਾ ਸਵਾਗਤ ਕਰਦਿਆਂ ਹੋਇਆ ਵੱਖ ਵੱਖ ਪਦਾਰਥਾਂ ਦੇ ਲੰਗਰ ਛਕਾਏ ਉਨਾਂ ਸੰਗਤਾਂ ਦਾ ਧੰਨਵਾਦ ਕਰਦੇ ਹਾਂ ਅਤੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਚੜ੍ਹਦੀ ਕਲ੍ਹਾ ਦੀ ਅਰਦਾਸ ਬੇਨਤੀ ਕਰਦੇ ਹਾਂ !

ਆਓ ਨਾਮ ਜਪੋ ਕਿਰਤ ਕਰੋ ਵੰਡ ਛਕੋ ਦੇ ਉਪਦੇਸ਼ ਨੂੰ ਸਮਰਪਿਤ ਹੋ ਕਿ ਗੁਰਬਾਣੀ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਈਏ-ਬਾਬਾ ਬਿਬੇਕ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ

ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ



ਤਲਵੰਡੀ ਸਾਬੋ, 23 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਸਿੱਖ ਧਰਮ ਦੇ ਬਾਨੀ ਅਤੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿਖੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੇ ਸ਼ਰਧਾ ਨਾਲ ਸ਼ਮੂਲੀਅਤ ਕੀਤੀ। ਸਮਾਗਮ ਦੀ ਸ਼ੁਰੂਆਤ ਸ੍ਰੀ ਜਪੁਜੀ ਸਾਹਿਬ ਦੇ ਪਾਠ ਨਾਲ ਹੋਈ। ਸਕੂਲ ਦੇ ਸੰਗੀਤ ਅਧਿਆਪਕ ਗੁਰਅੰਮ੍ਰਿਤ ਸਿੰਘ ਵੱਲੋਂ ਜਪੁਜੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਇਸ ਉਪਰੰਤ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਸਕੂਲ ਵੱਲੋਂ ਪ੍ਰਭਾਤ ਫੇਰੀ ਵੀ ਕੱਢੀ ਗਈ, ਜਿਸ ਵਿੱਚ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਪੂਰੀ ਸ਼ਰਧਾ ਨਾਲ ਭਾਗ ਲਿਆ। ਡਾ. ਹਰਵੰਤ ਗਿੱਲ ਵੱਲੋਂ ਭੁਜੀਆ ਬੂਦਾਨਾ ਦੀ ਸੇਵਾ ਵੀ ਨਿਭਾਈ ਗਈ। ਇਸ ਮੌਕੇ ਤਰਸੇਮ ਸਿੰਘ ਅਤੇ ਵੀਰਪਾਲ ਮੈਮ ਵੱਲੋਂ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਨ੍ਹਾਂ ਦੀਆਂ ਮਹਾਨ ਸਿੱਖਿਆਵਾਂ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਨਾਮ ਜਪਣ, ਕਿਰਤ ਕਰਨ ਅਤੇ ਵੰਡ ਛਕਣ ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮਧੂ ਬਾਂਸਲ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸੱਚਾਈ, ਨਿਮਰਤਾ, ਦਇਆ, ਸੇਵਾ ਅਤੇ ਆਪਸੀ ਪਿਆਰ ਦੀ ਭਾਵਨਾ ਅਪਣਾਉਂਦਿਆਂ ਇੱਕ ਚੰਗਾ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ। ਸਮੁੱਚਾ ਧਾਰਮਿਕ ਸਮਾਗਮ ਰੂਹਾਨੀ ਅਤੇ ਸ਼ਰਧਾਮਈ ਮਾਹੌਲ ਵਿੱਚ ਸੰਪੰਨ ਹੋਇਆ। ਅੰਤ ਵਿੱਚ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਸਮੂਹ ਸਟਾਫ਼ ਵੱਲੋਂ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ ਗਈਆਂ।

ਧਾਰਮਿਕ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਦੀ ਸੇਵਾ ਦਾ ਦਿੱਤਾ ਸੰਦੇਸ਼

ਆਵਾਜ਼ਿ ਕੌਮ AWAZE QAUM International Newspaper & WEB TV

ਨਿਖਿਲ ਗੁਪਤਾ ਵੱਲੋਂ ਪੰਨੂ ਦੇ ਕਤਲ ਦੀ ਸਾਜ਼ਿਸ਼ ਦੇ ਗੁਨਾਹ ਕਬੂਲਣਾ ਭਾਰਤ ਸਰਕਾਰ ਦੇ ਮੂੰਹ 'ਤੇ ਕਰਾਰੀ ਚਪੇੜ: ਪੰਥਕ ਜਥੇਬੰਦੀਆਂ ਜਰਮਨੀ

ਵਿਦੇਸ਼ਾਂ ਵਿੱਚ ਸਿੱਖ ਆਗੂਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਸਾਜ਼ਿਸ਼ਾਂ ਜੱਗਜਾਹਰ; ਸਰਕਾਰੀ ਦਮਨ ਅਤੇ ਕਤਲਾਂ ਦੀਆਂ ਕੋਸ਼ਿਸ਼ਾਂ ਖਾਲਿਸਤਾਨ ਦੇ ਸੰਘਰਸ਼ ਨੂੰ ਨਹੀਂ ਰੋਕ ਸਕਦੀਆਂ



ਨਵੀਂ ਦਿੱਲੀ 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਨਿਖਿਲ ਗੁਪਤਾ ਵੱਲੋਂ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਸਾਜ਼ਿਸ਼ ਸਬੰਧੀ ਗੁਨਾਹ ਕਬੂਲਣਾ ਅਤੇ ਅਮਰੀਕੀ ਅਦਾਲਤ ਵੱਲੋਂ 9 ਸਾਲ 7 ਮਹੀਨੇ ਦੀ ਸਜ਼ਾ ਸੁਣਾਉਣਾ ਭਾਰਤ ਸਰਕਾਰ ਦੇ ਚਿਹਰੇ ਤੋਂ ਝੂਠ ਦਾ ਪਰਦਾ ਹਟਾਉਣ ਵਾਲਾ ਫੈਸਲਾ ਹੈ; ਵਿਦੇਸ਼ਾਂ ਵਿੱਚ ਸਿੱਖ ਆਗੂਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਸਾਜ਼ਿਸ਼ਾਂ ਹੁਣ ਦੁਨੀਆ ਸਾਹਮਣੇ ਬੇਨਕਾਬ ਹੋ ਰਹੀਆਂ ਹਨ। ਅਮਰੀਕਾ ਦੀ ਜ਼ਿਲ੍ਹਾ ਅਦਾਲਤ ਵਿੱਚ ਸਰਕਾਰੀ ਵਕੀਲਾਂ ਵੱਲੋਂ ਪੇਸ਼ ਕੀਤੇ ਦੋਸ਼ਾਂ ਅਨੁਸਾਰ, 2023 ਵਿੱਚ ਨਿਖਿਲ ਗੁਪਤਾ ਨੇ ਭਾਰਤੀ ਸਰਕਾਰੀ ਮੁਲਾਜ਼ਮ ਵਿਕਾਸ ਯਾਦਵ ਨਾਲ ਮਿਲ ਕੇ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਸਾਜ਼ਿਸ਼ ਰਚੀ ਸੀ। ਚੈੱਕ ਗਣਰਾਜ ਵਿੱਚ ਅਮਰੀਕਾ ਦੀ ਬੇਨਤੀ 'ਤੇ ਗ੍ਰਿਫ਼ਤਾਰ ਕੀਤੇ ਗਏ ਗੁਪਤਾ ਨੂੰ ਜੂਨ 2024 ਵਿੱਚ ਅਮਰੀਕਾ ਹਵਾਲੇ ਕੀਤਾ ਗਿਆ ਸੀ। ਸ਼ੁਰੂ ਵਿੱਚ ਦੋਸ਼ਾਂ ਤੋਂ ਇਨਕਾਰ ਕਰਨ ਵਾਲੇ ਗੁਪਤਾ ਨੇ ਫਰਵਰੀ 2026 ਵਿੱਚ ਤਿੰਨ ਅਪਰਾਧਿਕ ਦੋਸ਼ਾਂ ਨੂੰ ਸਵੀਕਾਰ ਕਰ ਲਿਆ, ਜਿਸ ਤੋਂ ਬਾਅਦ ਅਦਾਲਤ ਨੇ ਉਸ ਨੂੰ 9 ਸਾਲ 7 ਮਹੀਨੇ ਦੀ ਕੈਦ ਦੀ ਸਜ਼ਾ ਸੁਣਾਈ। ਇਹ ਮਾਮਲਾ ਭਾਰਤ ਸਰਕਾਰ ਵੱਲੋਂ ਵਿਦੇਸ਼ਾਂ ਵਿੱਚ ਸਿੱਖ ਆਗੂਆਂ ਦੇ ਕਤਲ ਦੀਆਂ ਸਾਜ਼ਿਸ਼ਾਂ ਸਬੰਧੀ ਕੀਤੇ ਜਾਂਦੇ ਇਨਕਾਰਾਂ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ ਅਤੇ ਸਿੱਖ ਕੌਮ ਦੀ ਆਜ਼ਾਦੀ ਦੀ ਆਵਾਜ਼ ਨੂੰ ਦਬਾਉਣ ਲਈ ਵਰਤੇ ਜਾ ਰਹੇ ਕਥਿਤ ਗੁਪਤ ਹੱਥਕੰਡਿਆਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਚਰਚਾ ਵਿੱਚ ਲਿਆਉਂਦਾ ਹੈ। ਭਾਰਤ ਸਰਕਾਰ ਦੀਆਂ ਅਜਿਹੀਆਂ ਕਥਿਤ ਸਾਜ਼ਿਸ਼ਾਂ, ਦਬਾਅ ਅਤੇ ਕਤਲਾਂ ਦੀਆਂ ਕੋਸ਼ਿਸ਼ਾਂ ਖਾਲਿਸਤਾਨ ਦੇ ਸੰਘਰਸ਼ ਨੂੰ ਕਦੇ ਵੀ ਠੱਲ੍ਹ ਨਹੀਂ ਪਾ ਸਕਣਗੀਆਂ, ਸਗੋਂ ਇਹ ਸਿੱਖ ਕੌਮ ਦੇ ਆਪਣੇ ਵੱਖਰੇ ਘਰ ਖਾਲਿਸਤਾਨ ਦੀ ਮੰਗ ਨੂੰ ਹੋਰ ਮਜ਼ਬੂਤ ਕਰਨਗੀਆਂ। ਇਹ ਪ੍ਰਗਟਾਵਾ ਜਰਮਨੀ ਦੀਆਂ ਪੰਥਕ ਜਥੇਬੰਦੀਆਂ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਗੁਰਮੀਤ ਸਿੰਘ ਖਨਿਆਣ ਅਤੇ ਭਾਈ ਗੁਰਦਿਆਲ ਸਿੰਘ ਲਾਲੀ, ਬੱਬਰ ਖਾਲਸਾ ਜਰਮਨੀ ਦੇ ਜਥੇਦਾਰ ਰੇਸ਼ਮ ਸਿੰਘ ਬੱਬਰ ਅਤੇ ਭਾਈ ਰਜਿੰਦਰ ਸਿੰਘ ਬੱਬਰ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਲਖਵਿੰਦਰ ਸਿੰਘ ਮੱਲ੍ਹੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਦੇ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਦਲ ਖਾਲਸਾ ਜਰਮਨੀ ਦੇ ਭਾਈ ਹਰਮੀਤ ਸਿੰਘ ਤੇ ਭਾਈ ਅੰਗਰੇਜ਼ ਸਿੰਘ ਨੇ ਸਾਂਝੇ ਬਿਆਨ ਰਾਹੀਂ ਕੀਤਾ। ਆਗੂਆਂ ਨੇ ਕਿਹਾ ਕਿ ਭਾਰਤੀ ਖੁਫੀਆ ਏਜੰਸੀ ਰਾਅ ਦੀ ਇਸ ਸਾਜ਼ਿਸ਼ ਵਿੱਚ ਕਥਿਤ ਸ਼ਮੂਲੀਅਤ ਭਾਰਤ ਸਰਕਾਰ ਦੀ ਸਿੱਖਾਂ ਪ੍ਰਤੀ ਨਫ਼ਰਤ ਅਤੇ ਦਮਨਕਾਰੀ ਨੀਤੀ ਨੂੰ ਬੇਪਰਦਾ ਕਰਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਅਜਿਹੀਆਂ ਘਟੀਆਂ ਸਾਜ਼ਿਸ਼ਾਂ ਤੋਂ ਸੁਚੇਤ ਰਹਿੰਦਿਆਂ ਆਪਣੇ ਵੱਖਰੇ ਘਰ ਖਾਲਿਸਤਾਨ ਦੀ ਲਹਿਰ ਨੂੰ ਹੋਰ ਪ੍ਰਚੰਡ ਕਰਨ ਅਤੇ ਕੌਮੀ ਹੱਕਾਂ ਦੀ ਆਵਾਜ਼ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਬੁਲੰਦ ਕਰਨ ਦੀ ਲੋੜ ਹੈ।

ਪਿੰਡ ਜਲਾਲ ਉਸਮਾ ਵਿਚ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਭਾਜਪਾ ਦਾ ਪੱਲਾ ਫੜਿਆ



ਚੌਕ ਮਹਿਤਾ 23 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਪਿੰਡ ਜਲਾਲ ਉਸਮਾ ਵਿਚ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਭਾਜਪਾ ਦਾ ਪੱਲਾ ਫੜਿਆ ਇਸ ਮੌਕੇ ਸ, ਮਨਜੀਤ ਸਿੰਘ ਮੰਨਾ ਸੰਸਦੀ ਸਕੱਤਰ ਪੰਜਾਬ ਕਵਰਦੀਪ ਸਿੰਘ ਮੰਜਰ ਜ਼ਿਲ੍ਹਾ ਪ੍ਰਧਾਨ ਅਮ੍ਰਿਤਸਰ ਦਿਹਾਤੀ 2 ਨੇ ਪਾਰਟੀ ਚਿੰਨ੍ਹ ਪਾਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਗੁਲਜਿੰਦਰ ਸਿੰਘ ਲਾਡੀ ਕਿਸਾਨ ਮੋਰਚਾ ਜ਼ਿਲ੍ਹਾ ਪ੍ਰਧਾਨ, ਰਾਜਬੀਰ ਸਿੰਘ ਜਨਰਲ ਸਕੱਤਰ,ਪੂਰਨ ਸਿੰਘ ਜਨਰਲ ਸੈਕਟਰੀ, ਸੁਖਦੇਵ ਸਿੰਘ ਮੀਤ ਪ੍ਰਧਾਨ, ਕੇਵਲ ਸਿੰਘ ਸਰਕਲ ਪ੍ਰਧਾਨ, ਬਿਕਰਮਜੀਤ ਸਿੰਘ ਸੋਨਾ ਐਸੀ ਪ੍ਰਧਾਨ, ਖਜ਼ਾਨ ਸਿੰਘ ਖੱਬੇ, ਪਰਮਜੀਤ ਸਿੰਘ ਰਜਧਾਨ ਆਦਿ ਆਗੂ ਹਾਜਰ ਸਨ। ਇਸ ਮੌਕੇ ਤੇ ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਗੁਰਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਗੁਰਨੂਰ ਸਿੰਘ, ਸੁਖਵਿੰਦਰ ਸਿੰਘ, ਜੋਗਿੰਦਰ ਸਿੰਘ, ਗਗੀਬ ਸਿੰਘ, ਸੁਖਬੀਰ ਸਿੰਘ, ਜਸਵੰਤ ਸਿੰਘ, ਜਸਬੀਰ ਸਿੰਘ, ਪਰਮਜੀਤ ਸਿੰਘ ਬਬਲੂ, ਗੁਰਪ੍ਰੀਤ ਸਿੰਘ, ਮਹਿੰਦਰ ਸਿੰਘ, ਜੋਗਿੰਦਰ ਸਿੰਘ, ਬਲਕਾਰ ਸਿੰਘ, ਰਾਜਵਿੰਦਰ ਸਿੰਘ, ਅਜੀਤ ਸਿੰਘ, ਬੀਬੀ ਬਲਵਿੰਦਰ ਕੌਰ, ਜਗਦੀਸ਼ ਕੌਰ ਮਨਜੀਤ ਕੌਰ, ਸੁਖਵਿੰਦਰ ਕੌਰ, ਕੋਮਲ ਬੀਰ ਕੌਰ, ਅਮਰੀਕ ਕੌਰ, ਸੁਖਵਿੰਦਰ ਕੌਰ ਮਧੂ,ਮਨਜੀਤ ਕੌਰ, ਪਾਰਟੀ ਵਿੱਚ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

ਅਵਤਾਰ ਪੁਰਬ ਨੂੰ ਸਮਰਪਿਤ ਸਜਾਇਆ ਗਿਆ ਨਗਰ ਕੀਰਤਨ

ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਵਿਖੇ ਪਹੁੰਚਿਆ

ਜੰਡਿਆਲਾ ਗੁਰੂ 23 ਨਵੰਬਰ (ਕੁਲਵੰਤ ਸਿੰਘ ਵਿਰਦੀ) ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਗੁਰੂ ਨਾਨਕ ਲੇਵਾ ਸੰਗਤਾਂ ਵੱਲੋਂ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਜਾ ਰਿਹਾ ਹੈ ਜਿਸ ਦੇ ਚੱਲਦਿਆਂ ਪ੍ਰਕਾਸ ਪੁਰਬ ਨੂੰ ਸਮਰਪਿਤ ਜੰਡਿਆਲਾ ਗੁਰੂ ਵਿਖੇ ਸਥਿਤ ਗੁਰਦੁਆਰਾ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ

ਪੰਜਾਂ ਪਿਆਰਿਆ ਨੂੰ ਸਿਰਪਾਓ ਤੇ ਗੁਰੂ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ





ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜਰੀ ਭਰ ਕਿ ਸੰਗਤਾਂ ਕਰਕੇ ਹਰਜੱਸ ਸਰਵਨ ਕਰਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਹਾਜਰੀ ਲਗਵਾਈ ! ਨਗਰ ਕੀਰਤਨ ਸਹਿਰ ਦੇ ਵੱਖ ਵੱਖ ਮੁਹੱਲਿਆਂ ਬਜਾਰਾਂ ਦੀ ਪ੍ਰਕਰਮਾ ਕਰਦਾ ਹੋਇਆ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਕਾਲੋਨੀ ਵਿਖੇ ਪਹੁੰਚਿਆ ਜਿਥੇ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਵੱਲੋਂ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ ਪੰਜਾਂ ਪਿਆਰਿਆ ਨੂੰ ਸਿਰਪਾਓ ਪਾ ਕਿ ਸਤਿਕਾਰ ਕੀਤਾ ਗਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਅਤੇ ਗੁਰਦੁਆਰਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਦੇ ਪ੍ਰਬੰਧਕਾਂ ਵੱਲੋਂ ਬਾਬਾ ਸੁੱਖਾ ਸਿੰਘ ਨੂੰ ਸਿਰਪਾਓ ਪਾ ਕਿ ਯਾਦਗਾਰੀ ਚਿੰਨ੍ਹ ਦੇ ਕਿ ਸਨਮਾਨਿਤ ਕੀਤਾ ਇਸ ਮੌਕੇ ਬਾਬਾ ਸੁੱਖਾ ਸਿੰਘ ਜੀ ਨੇ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਪੁਰਬ ਦੀ ਵਧਾਈ ਦਿੱਤੀ ਅਤੇ ਗੱਲਬਾਤ ਦੌਰਾਨ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਨੇ ਉਚਾਰਨ ਕੀਤੀ ਗੁਰਬਾਣੀ ਰਾਹੀਂ ਸਮੁੱਚੀ ਲੋਕਾਈ ਨੂੰ ਸੱਚ ਦੇ ਮਾਰਗ ਤੇ ਚੱਲਣ, ਨਾਮ ਸਿਮਰਨ ਦਾ ਅਭਿਆਸ ਕਰਨ, ਕਿਰਤ ਕਰਨ ਵੰਡ ਛਕਣ ਦਾ ਸੰਦੇਸ਼ ਦਿੱਤਾ ਅਤੇ ਗੁਰੂ ਸਾਹਿਬ ਨੇ ਜਾਤ-ਪਾਤ, ਊਚ-ਨੀਚ, ਭੇਦਭਾਵ ਅਤੇ ਅੰਧਵਿਸ਼ਵਾਸਾਂ ਕਰਮਕਾਡਾਂ ਦਾ ਖੰਡਨ ਕਰਦਿਆਂ ਹੋਇਆ ਸਮਾਜ ਵਿੱਚ ਬਰਾਬਰਤਾ, ਭਾਈਚਾਰਕ ਸਾਂਝ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੱਤਾ। ਇਸ ਲਈ ਸਾਨੂੰ ਸਭ ਨੂੰ ਗੁਰੂ ਸਾਹਿਬ ਜੀ ਦੇ ਪੁਰਬ ਮਨਾਉਣੇ ਚਾਹੀਦੇ ਹਨ ਅਤੇ ਪੁਰਬ ਵਾਲੇ ਦਿਨ ਇਕ ਪ੍ਰਣ ਕਰਕੇ ਗੁਰੂ ਸਾਹਿਬ ਦੇ ਫਲਸਫੇ ਨਾਲ ਜੁੜ ਕਿ ਜੀਵਨ ਨੂੰ ਸਫਲ ਬਣਾਉਣਾ ਚਾਹੀਦਾ ਹੈ ਕਿਉਂਕਿ ਮਾਨਸ ਦੇਹ ਸਾਨੂੰ ਨਾਮ ਸਿਮਰਨ ਕਰਕੇ ਸਫਲ ਕਰਨ ਲਈ ਪ੍ਰਾਪਤ ਹੋਈ ਹੈ ਅਤੇ ਨਾਲ ਹੀ ਕਿਰਤ ਦੀ ਕਮਾਈ ਵਿੱਚੋਂ ਲੋੜਵੰਦਾਂ ਦੀ ਸੇਵਾ ਕਰਕੇ ਗੁਰੂ ਸਾਹਿਬ ਦੀਆਂ ਖੁਸੀਆ ਪ੍ਰਾਪਤ ਕਰਨੀਆਂ ਚਾਹੀਦੀਆਂ ਹਨ !

ਆਵਾਜ਼ਿ ਕੌਮ AWAZE QAUM International Newspaper & WEB TV

ਤਲਵੰਡੀ ਸਾਬੋ ਬਲਾਕ ਵਿੱਚ ਦੂਜੇ ਦਿਨ

5,336 ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ









ਤਲਵੰਡੀ ਸਾਬੋ, 23 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸਿਹਤ ਵਿਭਾਗ ਪੰਜਾਬ ਵੱਲੋਂ ਚਲਾਏ ਜਾ ਰਹੇ ਰਾਸ਼ਟਰੀ ਪਲਸ ਪੋਲੀਓ ਪ੍ਰੋਗਰਾਮ ਤਹਿਤ ਬਲਾਕ ਤਲਵੰਡੀ ਸਾਬੋ ਵਿੱਚ ਦੂਜੇ ਦਿਨ ਵੀ ਪੋਲੀਓ ਰੋਕੂ ਬੂੰਦਾਂ ਪਿਲਾਉਣ ਦੀ ਮੁਹਿੰਮ ਪੂਰੀ ਸਰਗਰਮੀ ਨਾਲ ਜਾਰੀ ਰਹੀ। ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਐਸ.ਡੀ.ਐਚ. ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੀਆਂ ਘਰ-ਘਰ ਜਾ ਕੇ ਬੂੰਦਾਂ ਪਿਲਾਉਣ ਲਈ ਗਠਿਤ ਟੀਮਾਂ ਵੱਲੋਂ ਬਲਾਕ ਦੇ ਵੱਖ-ਵੱਖ ਪਿੰਡਾਂ, ਘਰਾਂ ਅਤੇ ਸਕੂਲਾਂ ਵਿੱਚ ਪਹੁੰਚ ਕਰਕੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਰਵੀਕਾਂਤ ਗੁਪਤਾ ਨੇ ਦੱਸਿਆ ਕਿ ਦੂਜੇ ਦਿਨ ਦੀ ਮੁਹਿੰਮ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਕੁੱਲ 17,339 ਘਰਾਂ ਤੱਕ ਪਹੁੰਚ ਕਰਦਿਆਂ 5,336 ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਮੁਹਿੰਮ ਤਹਿਤ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਪੀਣ ਤੋਂ ਵਾਂਝਾ ਨਾ ਰਹੇ, ਇਸ ਲਈ ਵਿਭਾਗ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਰਹਿ ਗਏ ਬੱਚਿਆਂ ਨੂੰ 24 ਨਵੰਬਰ ਨੂੰ ਮੁੜ ਘਰ-ਘਰ ਪਹੁੰਚ ਕਰਕੇ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ। ਡਾ. ਰਵੀਕਾਂਤ ਗੁਪਤਾ ਨੇ ਕਿਹਾ ਕਿ ਬੱਚਿਆਂ ਦਾ ਸਿਹਤਮੰਦ ਭਵਿੱਖ ਯਕੀਨੀ ਬਣਾਉਣਾ ਸਿਹਤ ਵਿਭਾਗ ਦੀ ਮੁੱਖ ਤਰਜੀਹ ਹੈ ਅਤੇ ਇਸ ਲਈ ਸਿਹਤ ਸੰਸਥਾ ਵੱਲੋਂ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਪੋਲੀਓ ਵਰਗੀ ਗੰਭੀਰ ਬਿਮਾਰੀ ਤੋਂ ਬੱਚਿਆਂ ਦੀ ਸੁਰੱਖਿਆ ਲਈ ਹਰ ਯੋਗ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣਾ ਬੇਹੱਦ ਜ਼ਰੂਰੀ ਹੈ ਅਤੇ ਇਸ ਮੁਹਿੰਮ ਦੀ ਸਫਲਤਾ ਲਈ ਸਿਹਤ ਵਿਭਾਗ ਦੇ ਕਰਮਚਾਰੀਆਂ ਦੇ ਨਾਲ-ਨਾਲ ਆਮ ਲੋਕਾਂ ਦਾ ਸਹਿਯੋਗ ਵੀ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਮੁਹਿੰਮ ਵਿੱਚ ਲੱਗੇ ਸਮੂਹ ਸਿਹਤ ਕਰਮਚਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਟੀਮਾਂ ਵੱਲੋਂ ਖੇਤਾਂ, ਢਾਣੀਆਂ ਅਤੇ ਦੂਰ-ਦੁਰਾਡੇ ਵਸੇ ਘਰਾਂ ਤੱਕ ਪਹੁੰਚ ਕਰਕੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾ ਰਹੀਆਂ ਹਨ। ਕਰਮਚਾਰੀ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਅ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਅਤੇ ਸਿਹਤ ਕਰਮਚਾਰੀਆਂ ਦੀ ਮਿਹਨਤ ਤੋਂ ਬਿਨਾਂ ਅਜਿਹੀ ਵਿਸ਼ਾਲ ਮੁਹਿੰਮ ਨੂੰ ਸਫਲ ਬਣਾਉਣਾ ਸੰਭਵ ਨਹੀਂ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੰਜ ਸਾਲ ਤੱਕ ਦੀ ਉਮਰ ਦੇ ਸਾਰੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਵਾਉਣ ਅਤੇ ਜੇਕਰ ਕੋਈ ਬੱਚਾ ਕਿਸੇ ਕਾਰਨ ਕਰਕੇ ਬੂੰਦਾਂ ਪੀਣ ਤੋਂ ਰਹਿ ਗਿਆ ਹੈ ਤਾਂ 24 ਨਵੰਬਰ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਪੂਰਾ ਸਹਿਯੋਗ ਦੇਣ, ਤਾਂ ਜੋ ਬਲਾਕ ਵਿੱਚ ਕੋਈ ਵੀ ਬੱਚਾ ਇਸ ਸੁਰੱਖਿਆ ਮੁਹਿੰਮ ਤੋਂ ਵਾਂਝਾ ਨਾ ਰਹੇ।

17,339 ਘਰਾਂ ਤੱਕ ਪਹੁੰਚੀਆਂ ਸਿਹਤ ਵਿਭਾਗ ਦੀਆਂ ਟੀਮਾਂ, ਰਹਿੰਦੇ ਬੱਚਿਆਂ ਨੂੰ 24 ਨਵੰਬਰ ਨੂੰ ਪਿਲਾਈਆਂ ਜਾਣਗੀਆਂ ਬੂੰਦਾਂ

ਆਵਾਜ਼ਿ ਕੌਮ AWAZE QAUM International Newspaper & WEB TV

ਨੌਜਵਾਨ ਆਗੂ ਗਗਨ ਸਿੰਧੂ ਪਿੰਡ ਭਗਤਾ ਭਾਈ (ਹਲਕਾ ਰਾਮਪੁਰਾ ਫੂਲ) ਨੇ ਸ਼੍ਰੋਮਣੀ ਅਕਾਲੀ ਦਲ ਵਾਰਸ ਪੰਜਾਬ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਿੱਚ ਕੀਤੀ ਸ਼ਮੂਲੀਅਤ



ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅੱਜ ਨੌਜਵਾਨ ਆਗੂ ਗਗਨ ਸਿੰਧੂ, ਪਿੰਡ ਭਗਤਾ ਭਾਈ, ਹਲਕਾ ਰਾਮਪੁਰਾ ਫੂਲ ਨੇ ਸ਼੍ਰੋਮਣੀ ਅਕਾਲੀ ਦਲ ਵਾਰਸ ਪੰਜਾਬ ਨੂੰ ਅਲਵਿਦਾ ਆਖਦਿਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਿੱਚ ਸ਼ਮੂਲੀਅਤ ਕੀਤੀ। ਉਨ੍ਹਾਂ ਨੇ ਪਾਰਟੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਗ੍ਰਹਿ ਵਿਖੇ ਪਹੁੰਚ ਕੇ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਪਾਰਟੀ ਵਿੱਚ ਸਵਾਗਤ ਕੀਤਾ। ਇਸ ਮੌਕੇ ਗਗਨ ਸਿੰਧੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪ੍ਰਾਪਤ ਦਿਸ਼ਾ-ਨਿਰਦੇਸ਼ਾਂ ਅਤੇ ਸਿਧਾਂਤਾਂ ਦੀ ਭਾਵਨਾ ਅਨੁਸਾਰ ਹੋਂਦ ਵਿੱਚ ਆਈ ਪਾਰਟੀ ਹੈ। ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਇਸ ਪੰਥਕ ਜਥੇਬੰਦੀ ਨਾਲ ਜੁੜ ਕੇ ਪੰਜਾਬ, ਪੰਥ ਅਤੇ ਸਿੱਖ ਕੌਮ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰੀਏ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕਾ ਰਾਮਪੁਰਾ ਫੂਲ ਵਿਖੇ ਇੱਕ ਵੱਡਾ ਨੌਜਵਾਨ ਇਕੱਠ ਕੀਤਾ ਜਾਵੇਗਾ ਅਤੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨਾਲ ਜੋੜਿਆ ਜਾਵੇਗਾ। ਨੌਜਵਾਨਾਂ ਨੂੰ ਪੰਥਕ ਅਤੇ ਪੰਜਾਬ ਦੇ ਹਿੱਤਾਂ ਲਈ ਇਕਜੁੱਟ ਕਰਨਾ ਉਨ੍ਹਾਂ ਦਾ ਮੁੱਖ ਉਦੇਸ਼ ਹੋਵੇਗਾ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਗਗਨ ਸਿੰਧੂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨਾਂ ਦੀ ਸ਼ਮੂਲੀਅਤ ਨਾਲ ਪਾਰਟੀ ਨੂੰ ਨਵੀਂ ਊਰਜਾ ਮਿਲੇਗੀ। ਨੌਜਵਾਨਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਅਤੇ ਜ਼ਿੰਮੇਵਾਰੀਆਂ ਦੇ ਕੇ ਪੰਜਾਬ ਦੇ ਭਵਿੱਖ ਲਈ ਨਵੀਂ ਲੀਡਰਸ਼ਿਪ ਤਿਆਰ ਕੀਤੀ ਜਾਵੇਗੀ। ਇਹ ਬਿਆਨ ਮੀਡੀਆ ਇਨਚਾਰਜ ਤਜਿੰਦਰ ਸਿੰਘ ਪੰਨੂ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਦਾਦੀ ਮਾਤਾ ਚਰਨ ਕੌਰ ਜੀ ਦੇ ਨਮਿਤ

ਸਹਿਜ ਪਾਠ ਸਾਹਿਬ ਦੇ ਭੋਗ ਅਤੇ ਵੱਖ-ਵੱਖ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀ







ਅੰਮ੍ਰਿਤਸਰ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਸਤਿਕਾਰਯੋਗ ਦਾਦੀ ਮਾਤਾ ਚਰਨ ਕੌਰ ਜੀ ਦੇ ਅਕਾਲ ਚਲਾਣੇ ਉਪਰੰਤ ਪਿੰਡ ਜੱਲੂਪੁਰ ਖੇੜਾ ਗੁਰਦੁਆਰਾ ਬਾਬਾ ਕਾਲੇ ਮਹਿਰ ਵਿਖੇ ਰੱਖੇ ਗਏ ਸਹਿਜ ਪਾਠ ਸਾਹਿਬ ਦੇ ਭੋਗ ਅੱਜ ਬੜੀ ਸ਼ਰਧਾ ਤੇ ਸਤਿਕਾਰ ਨਾਲ ਪਾਏ ਗਏ, ਜਿੱਥੇ ਵੱਡੀ ਗਿਣਤੀ ਵਿੱਚ ਸੰਗਤ ਨੇ ਪਹੁੰਚ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਆਪਣੀ ਹਾਜ਼ਰੀ ਲਗਵਾਈ ਅਤੇ ਮਾਤਾ ਚਰਨ ਕੌਰ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਇਹ ਵੀ ਜ਼ਿਕਰਯੋਗ ਹੈ ਜੇਲ ਵਿੱਚ ਨਜ਼ਰਬੰਦ ਚਾਚਾ ਹਰਜੀਤ ਸਿੰਘ ਅਤੇ ਸੁਖਮਨਪ੍ਰੀਤ ਸਿੰਘ ਵੀ ਕੁਝ ਘੰਟਿਆਂ ਦੀ ਪੈਰੋਲ ਤੇ ਇਸ ਸਮਾਗਮ ਵਿੱਚ ਹਾਜਰ ਸਨ। ਇਸ ਮੌਕੇ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ, ਸੰਪਰਦਾਵਾਂ ਦੇ ਜਥੇਦਾਰਾਂ, ਕਿਸਾਨ ਜਥੇਬੰਦੀਆਂ ਦੇ ਆਗੂਆਂ, ਪੰਥਕ ਸ਼ਖ਼ਸੀਅਤਾਂ ਅਤੇ ਵੱਖ-ਵੱਖ ਰਾਜਨੀਤਿਕ ਤੇ ਸਮਾਜਿਕ ਆਗੂਆਂ ਨੇ ਹਾਜ਼ਰੀ ਭਰਦਿਆਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਮੰਡੋਲੀ ਜੇਲ ਵਿੱਚ ਨਜ਼ਰਬੰਦ ਭਾਈ ਜਗਤਾਰ ਸਿੰਘ ਹਵਾਰਾ ਜੀ ਦਾ ਲਿਖਤੀ ਸ਼ੋਕ ਸੰਦੇਸ਼ ਲਿਆਂਦਾ ਗਿਆ, ਜਿਸ ਨੂੰ ਭਾਈ ਬਲਜੀਤ ਸਿੰਘ ਖ਼ਾਲਸਾ ਜੀ ਨੇ ਸੰਗਤ ਦੀ ਹਾਜ਼ਰੀ ਵਿੱਚ ਪੜ੍ਹ ਕੇ ਸੁਣਾਇਆ। ਭਾਈ ਜਗਤਾਰ ਸਿੰਘ ਹਵਾਰਾ ਜੀ ਨੇ ਆਪਣੇ ਸ਼ੋਕ ਸੰਦੇਸ਼ ਰਾਹੀਂ ਮਾਤਾ ਚਰਨ ਕੌਰ ਜੀ ਦੇ ਅਕਾਲ ਚਲਾਣੇ 'ਤੇ ਸਮੁੱਚੇ ਪਰਿਵਾਰ ਨਾਲ ਡੂੰਘੇ ਦੁੱਖ ਦੀ ਸਾਂਝ ਪਾਈ ਅਤੇ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਪਰਿਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਬਖ਼ਸ਼ਣ। ਇਸ ਤੋਂ ਇਲਾਵਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਜੀ ਵੱਲੋਂ ਅਤੇ ਜਥੇਦਾਰ ਬਲਬੀਰ ਸਿੰਘ ਸਿੰਘ ਜੀ ਕਾਰ ਸੇਵਾ ਵਾਲਿਆਂ ਵੱਲੋਂ ਵੀ ਇੱਕ ਲਿਖਤੀ ਸ਼ੋਕ ਸੰਦੇਸ਼ ਭੇਜਿਆ ਗਿਆ। ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ, ਐਮ ਐਲ ਏ ਸ੍ਰ. ਮਨਪ੍ਰੀਤ ਸਿੰਘ ਇਯਾਲੀ ਜੀ, ਭਾਈ ਸੁਖਵਿੰਦਰ ਸਿੰਘ ਅਗਵਾਨ, ਸ੍ਰ ਇਕਬਾਲ ਸਿੰਘ ਝੂੰਦਾ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਸ੍ਰ ਪਰਮਿੰਦਰ ਸਿੰਘ ਢੀਂਡਸਾ, ਬਾਪੂ ਅਜਮੇਰ ਸਿੰਘ ਜੀ, ਅਮਰਜੀਤ ਸਿੰਘ ਵੈਨਚਿੜੀ ਅਤੇ ਸ੍ਰ ਬਲਜੀਤ ਸਿੰਘ ਖ਼ਾਲਸਾ ਸਮੇਤ ਹੋਰ ਵੀ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਪਹੁੰਚ ਕੇ ਮਾਤਾ ਚਰਨ ਕੌਰ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਸਮਾਗਮ ਦੌਰਾਨ ਵੱਖ-ਵੱਖ ਧਾਰਮਿਕ, ਪੰਥਕ, ਕਿਸਾਨ ਅਤੇ ਰਾਜਨੀਤਿਕ ਖੇਤਰਾਂ ਨਾਲ ਸਬੰਧਤ ਸ਼ਖ਼ਸੀਅਤਾਂ ਦਾ ਇੱਕ ਥਾਂ ਇਕੱਠੇ ਹੋ ਕੇ ਮਾਤਾ ਜੀ ਨੂੰ ਸ਼ਰਧਾਂਜਲੀ ਭੇਟ ਕਰਨਾ ਧਾਰਮਿਕ ਸ਼ਰਧਾ, ਪੰਥਕ ਸਾਂਝ ਅਤੇ ਮਨੁੱਖੀ ਭਾਵਨਾਵਾਂ ਦੀ ਇੱਕ ਖੂਬਸੂਰਤ ਮਿਸਾਲ ਬਣਿਆ। ਅੰਤ ਵਿੱਚ ਬਾਪੂ ਤਰਸੇਮ ਸਿੰਘ ਜੀ ਨੇ ਆਈ ਸਮੁੱਚੀ ਸੰਗਤ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਇਸ ਮੌਕੇ ਹਾਜ਼ਰ ਆਈਆਂ ਸੰਗਤਾਂ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਆਗੂਆਂ ਅਤੇ ਮੁੱਖ ਸ਼ਖ਼ਸੀਅਤਾਂ ਵਿੱਚੋਂ ਸ੍ਰ ਪ੍ਰਗਟ ਸਿੰਘ ਸੰਧੂ, ਭਾਈ ਹਰਭਜਨ ਸਿੰਘ ਤੁੜ, ਭਾਈ ਸੁਰਜੀਤ ਸਿੰਘ, ਸ੍ਰ ਕਾਬਲ ਸਿੰਘ, ਸ੍ਰ ਬਾਬੂ ਸਿੰਘ ਬਰਾੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਮਨਦੀਪ ਸਿੰਘ ਸਿੱਧੂ, ਬਾਪੂ ਭੀਮ ਸਿੰਘ, ਬੀਬੀ ਸੰਦੀਪ ਕੌਰ, ਬੀਬੀ ਨਰਿੰਦਰ ਕੌਰ ਕਲਸੀ, ਬੀਬੀ ਹਰਪ੍ਰੀਤ ਕੌਰ, ਸ੍ਰ ਪ੍ਰਿਥੀਪਾਲ ਸਿੰਘ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਦੇਵ ਸਿੰਘ ਕਾਦੀਆਂ, ਸ੍ਰ ਰਸ਼ਪਾਲ ਸਿੰਘ ਸੋਸਣ, ਬਾਪੂ ਦਯਾ ਸਿੰਘ ਜੀ, ਸ੍ਰ ਜਸਕਰਨ ਸਿੰਘ ਰਿਆੜ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਅਮਨਦੀਪ ਸਿੰਘ ਡੱਡੂਆਣਾ, ਭਾਈ ਜੋਧਬੀਰ ਸਿੰਘ ਜੱਲੂਪੁਰ, ਸ੍ਰ ਸਵਰਨ ਸਿੰਘ ਗੋਲਡਨ, ਸ੍ਰ ਇਕਬਾਲ ਸਿੰਘ ਸੰਧੂ, ਸ੍ਰ ਦਿਲਸ਼ੇਰ ਸਿੰਘ, ਜਥੇਦਾਰ ਸੰਤਾ ਸਿੰਘ ਉਮੈਦਪੁਰੀ, ਜਥੇਦਾਰ ਕਸ਼ਮੀਰ ਸਿੰਘ, ਜਥੇਦਾਰ ਹਰਬੰਸ ਸਿੰਘ ਮੰਝਪੁਰ, ਬਾਬਾ ਰਾਜਾ ਰਾਜ ਸਿੰਘ, ਭਾਈ ਹਰਦੀਪ ਸਿੰਘ, ਭਾਈ ਮਨਜੀਤ ਸਿੰਘ ਭੋਮਾਂ, ਭਾਈ ਇੰਦਰਜੀਤ ਸਿੰਘ ਮੰਡਿਆਲਾ, ਸ੍ਰ ਦਰਸ਼ਪ੍ਰੀਤ ਸਿੰਘ, ਜਥੇਦਾਰ ਹਰਦੇਵ ਸਿੰਘ ਰੋਗਲਾ, ਸ੍ਰ ਮੁਖਤਿਆਰ ਸਿੰਘ ਮਾਹਲਾ, ਜਥੇਦਾਰ ਮੋਹਣ ਸਿੰਘ ਫਤਿਆਬਾਦ ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਜਗਤਾਰ ਸਿੰਘ ਹਵਾਰਾ ਨੇ ਭੇਜਿਆ ਸ਼ੋਕ ਸੰਦੇਸ਼, ਬਾਪੂ ਤਰਸੇਮ ਸਿੰਘ ਜੀ ਨੇ ਆਈਆਂ ਸੰਗਤਾਂ ਦਾ ਕੀਤਾ ਧੰਨਵਾਦ

*ਧੰਨ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ 'ਤੇ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹੇ ਕੇਂਦਰ ਸਰਕਾਰ - ਗਿਆਨੀ ਹਰਪ੍ਰੀਤ ਸਿੰਘ

20 ਨਵੰਬਰ ਨੂੰ ਪ੍ਰਧਾਨ ਮੰਤਰੀ ਦਫਤਰ ਵਿੱਚ ਦਿੱਤੇ ਮੰਗ ਪੱਤਰ 'ਤੇ ਤੁਰੰਤ ਅਮਲ ਹੋਵੇ

ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਪ੍ਰੈਸ ਬਿਆਨ ਵਿੱਚ ਮੰਗ ਕੀਤੀ ਕਿ ਸਾਡੀ ਪਾਰਟੀ ਵੱਲੋਂ 20 ਨਵੰਬਰ ਨੂੰ ਦਿੱਲੀ ਵਿੱਚ ਪ੍ਰਧਾਨ ਮੰਤਰੀ ਦਫਤਰ ਨੂੰ ਦਿੱਤੇ ਗਏ ਮੈਮੋਰੰਡਮ ਦੀਆਂ ਮੰਗਾਂ ਨੂੰ ਕੇਂਦਰ ਸਰਕਾਰ ਸੁਹਿਰਦਤਾ ਵਿਖਾਉਂਦਿਆਂ ਤੁਰੰਤ ਲਾਗੂ ਕਰੇ। 24 ਨਵੰਬਰ ਨੂੰ ਕੇਂਦਰ ਸਰਕਾਰ ਕੋਲ ਇਹ ਬਹੁਤ ਵਧੀਆ ਮੌਕਾ ਹੈ ਜਦੋਂ ਉਹ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਸਮੇਂ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹ ਕੇ ਸਿੱਖ ਕੌਮ ਨਾਲ ਵਧੀਆ ਰਿਸ਼ਤੇ ਦੀ ਸ਼ੁਰੂਆਤ ਕਰ ਸਕਦੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਉਸ ਮੰਗ ਪੱਤਰ ਵਿੱਚ ਸਾਡੀ ਪਾਰਟੀ ਨੇ ਪੰਦਰਾਂ ਸਾਲ ਤੋਂ ਲਟਕ ਰਹੀਆਂ ਐਸਜੀਪੀਸੀ ਚੋਣਾਂ ਕਰਵਾਉਣ, ਤੀਹ ਤੀਹ ਸਾਲ ਤੋਂ ਜੇਲਾਂ



ਵਿੱਚ ਬੈਠੇ ਬੰਦੀ ਸਿੰਘਾਂ ਦੀ ਰਿਹਾਈ ਕਰਵਾਉਣ ਅਤੇ ਕਰਤਾਰਪੁਰ ਸਾਹਿਬ ਲਾਂਘਾ ਖੁਲਵਾਉਣ ਦੀ ਪੁਰਜੋਰ ਮੰਗ ਕੀਤੀ ਸੀ, ਜਿਸ ਲਈ ਸਾਨੂੰ ਸਾਰੀ ਲੀਡਰਸ਼ਿਪ ਨੂੰ ਗ੍ਰਿਫਤਾਰੀਆਂ ਵੀ ਦੇਣੀਆਂ ਪਈਆਂ ਸਨ। ਇਹ ਉਹ ਜਰੂਰੀ ਮੰਗਾਂ ਹਨ ਜਿੰਨਾਂ 'ਤੇ ਗੌਰ ਕਰਕੇ ਤੁਰੰਤ ਹੱਲ ਕੀਤਾ ਜਾਣਾ ਚਾਹੀਦਾ ਹੈ। ਤਾਂ ਜੋ ਇਸ ਦੇਸ਼ ਦੇ ਹਾਕਮਾਂ ਵੱਲੋਂ ਹੁਣ ਤੱਕ ਕਰਵਾਏ ਗਏ ਬੇਗਾਨਗੀ ਦੇ ਅਹਿਸਾਸ ਥੱਲੇ ਦੱਬੀ ਸਿੱਖ ਕੌਮ ਨੂੰ ਇੰਨਾ ਕੁ ਮਹਿਸੂਸ ਹੋਵੇ ਕਿ ਘੱਟੋ-ਘੱਟ ਉਹਨਾਂ ਦੀ ਗੱਲ ਸੁਣੀ ਗਈ ਹੈ, ਜਿਸ ਦੇ ਲਈ ਭਾਵੇਂ ਉਹਨਾਂ ਨੂੰ ਦਿੱਲੀ ਤੱਕ ਰੋਸ ਪ੍ਰਦਰਸ਼ਨ ਕਰਕੇ ਗ੍ਰਿਫਤਾਰੀਆਂ ਵੀ ਦੇਣੀਆਂ ਪਈਆਂ। ਉਹਨਾਂ ਕਿਹਾ ਕਿ ਸਾਡੀ ਪਾਰਟੀ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਲਾਂਘਾ ਖੁਲਵਾਉਣ ਲਈ ਲਗਾਤਾਰ ਯਤਨਾਂ ਵਜੋਂ ਡੇਰਾ ਬਾਬਾ ਨਾਨਕ ਬਾਰਡਰ 'ਤੇ ਪਹੁੰਚ ਕੇ ਅਰਦਾਸ ਕਰਦੇ ਹਨ। ਕੇਂਦਰ ਨੂੰ ਪੂਰੀ ਕੌਮ ਦੀ ਵੇਦਨਾ ਦਾ ਗਿਆਨ ਹੋਣਾ ਚਾਹੀਦਾ ਹੈ ਕਿ ਸਿੱਖ ਆਪਣੇ ਬਾਨੀ ਗੁਰੂ ਦੀ ਕਰਮਭੂਮੀ 'ਤੇ ਸਜਦਾ ਕਰਨ ਲਈ ਕਿੰਨੇ ਤੜਪ ਰਹੇ ਹਨ। ਉਹਨਾਂ ਕਿਹਾ ਜੇ ਪਾਕਿਸਤਾਨ ਦਾ ਵਿਦੇਸ਼ ਮੰਤਰੀ ਇਕ ਸਮਾਗਮ ਵਿੱਚ ਸ਼ਾਮਲ ਹੋਣ ਲਈ ਭਾਰਤ ਦਾ ਮਹਿਮਾਨ ਬਣ ਸਕਦਾ ਹੈ, ਤਾਂ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਕਰਤਾਰਪੁਰ ਸਾਹਿਬ ਲਾਂਘੇ ਨੂੰ ਵੀ ਇਸ ਦੁਸ਼ਮਣੀ ਤੋਂ ਬਾਹਰ ਰੱਖਿਆ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਤਿੰਨ ਕਾਨੂੰਨ ਵਾਪਿਸ ਲੈਣ ਦਾ ਐਲਾਨ ਵੀ ਪ੍ਰਧਾਨ ਮੰਤਰੀ ਮੋਦੀ ਨੇ ਗੁਰੂ ਨਾਨਕ ਸਾਹਿਬ ਜੀ ਦੇ ਪਵਿੱਤਰ ਦਿਹਾੜੇ 'ਤੇ ਕੀਤਾ ਸੀ। ਹੁਣ ਵੀ ਪ੍ਰਧਾਨ ਮੰਤਰੀ ਲਾਂਘਾ ਖੋਲ੍ਹਣ ਦਾ ਐਲਾਨ ਕਰਕੇ ਸਿੱਖ ਕੌਮ ਨੂੰ ਬੇਸ਼ ਕੀਮਤੀ ਤੋਹਫਾ ਦੇ ਸਕਦੇ ਹਨ। ਪ੍ਰੈਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂ ਵੱਲੋਂ ਜਾਰੀ ਕੀਤਾ ਗਿਆ।

ਇਨਸਾਫ ਲਈ ਪਰਿਵਾਰ ਤੇ ਕਿਸਾਨ ਜਥੇਬੰਦੀਆਂ ਵੱਲੋਂ ਐਸ.ਐਸ.ਪੀ. ਦਫਤਰ ਅੱਗੇ ਧਰਨਾ



ਫ਼ਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ) :— ਪਿੰਡ ਗੁਰਦਿੱਤੀ ਵਾਲਾ ਵਿਖੇ ਵਾਪਰੇ ਇੱਕ ਦਰਦਨਾਕ ਕਾਰ ਹਾਦਸੇ ਨਾਲ ਪਿਓ ਤੇ ਪੁੱਤਰ ਦੀ ਮੌਤ ਹੋ ਜਾਣ ਦੇ ਮਾਮਲੇ ਵਿੱਚ ਇਨਸਾਨ ਦੀ ਮੰਗ ਨੂੰ ਲੈ ਕੇ ਅੱਜ ਪੀੜਤ ਪਰਿਵਾਰ ਅਤੇ ਕਿਸਾਨ ਜਥੇਬੰਦੀਆਂ ਵਲੋਂ ਐਸ.ਐਸ.ਪੀ ਦਫਤਰ ਬਾਹਰ ਰੋਸ ਧਰਨਾ ਦਿੱਤਾ ਗਿਆ। ਧਰਨੇ ਦੌਰਾਨ ਪੀੜਤ ਪਰਿਵਾਰ ਨੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਹਾਦਸੇ ਲਈ ਜ਼ਿੰਮੇਵਾਰ ਕਾਰ ਚਾਲਕ ਦਾ ਪਿਤਾ ਪੁਲਿਸ ਮੁਲਾਜ਼ਮ ਹੋਣ ਕਰਕੇ ਅਤੇ ਉਸ ਦੇ ਰਸੂਖ ਕਾਰਨ ਥਾਣਾ ਮੱਲਾਂਵਾਲਾ ਦੇ ਸਭ ਇਨਚਾਰਜ ਇੰਸਪੈਕਟਰ ਬਲਵਿੰਦਰ ਸਿੰਘ ਅਤੇ ਡੀ.ਐਸ.ਪੀ ਜਸਪਾਲ ਸਿੰਘ ਜੀਰਾ ਵੱਲੋਂ ਮੁਲਜ਼ਮ ਧਿਰ ਦੀ ਕਥਿਤ ਤੌਰ ਤੇ ਮੱਦਦ ਕੀਤੀ ਜਾ ਰਹੀ ਹੈ ਅਤੇ ਅਸਲ ਦੋਸ਼ੀ ਖਿਲਾਫ ਬਣਦੀ ਕਾਰਵਾਈ ਨਹੀਂ ਕੀਤੀ ਜਾ ਰਹੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦੀਆਂ ਐਸ.ਪੀ ਮਨਜੀਤ ਸਿੰਘ ਨੇ ਪੀੜਤਾਂ ਤੇ ਧਰਨਾਕਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਖੁਦ ਘਟਨਾ ਵਾਲੀ ਥਾਂ ਦਾ ਦੌਰਾ ਕਰਕੇ ਮਾਮਲੇ ਦੀ ਨਿਰਪੱਖ ਜਾਂਚ ਕਰਨਗੇ ਅਤੇ ਮੁਲਜਮਾਂ ਖਿਲਾਫ ਬਣਦੀ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਦੂਜੇ ਪਾਸੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੁੱਖ ਦੋਸ਼ੀ ਖਿਲਾਫ ਤੁਰੰਤ ਬਣਦੀ ਕਾਨੂੰਨੀ ਕਾਰਵਾਈ ਨਾ ਕੀਤੀ ਗਈ ਤਾਂ ਉਹ ਦੋਨਾਂ ਮ੍ਰਿਤਕ ਪਿਉ—ਪੁੱਤਰ ਦੀਆਂ ਲਾਸ਼ਾਂ ਲਿਆ ਕੇ ਐਸ.ਐਸ.ਪੀ ਦਫਤਰ ਅੱਗੇ ਮੁੜ ਅਣਮਿਥੇ ਸਮੇਂ ਲਈ ਧਰਨਾ ਲਗਾਉਣਗੇ। ਧਰਨਾਕਕਾਰੀਆਂ ਨੇ ਸਪੱਸ਼ਟ ਕੀਤਾ ਕੀ ਜਦੋਂ ਤੱਕ ਪੀੜਿਤ ਪਰਿਵਾਰ ਨੂੰ ਇਨਸਾਫ ਨਹੀਂ ਮਿਲ ਜਾਂਦਾ ਉਦੋਂ ਤੱਕ ਇਹ ਸ਼ੰਘਰਸ਼ ਲਗਾਤਾਰ ਜਾਰੀ ਰਹੇਗਾ। ਇਸ ਮੌਕੇ ਕਿਸਾਨ ਯੂਨੀਅਨ ਮਾਨਸਾ ਵੱਲੋਂ ਨਿਰਮਲ ਸਿੰਘ ਔਲਖ ਜ਼ਿਲ੍ਹਾ ਪ੍ਰਧਾਨ, ਲਖਵਿੰਦਰ ਸਿੰਘ ਮੀਤ ਪ੍ਰਧਾਨ, ਬੋੜ ਸਿੰਘ ਸੂਬਾ ਵਿੱਤ ਸਕੱਤਰ, ਗੁਰਮੀਤ ਸਿੰਘ ਖਲੀ, ਨੌ ਨਿਹਾਲ ਸਿੰਘ ਦੀਪ ਸਿੰਘ ਵਾਲਾ ਸੂਬਾ ਵਿੱਤ ਸਕੱਤਰ, ਗੁਰਜੰਟ ਸਿੰਘ ਸਰਪੰਚ ਤਰਾਂ ਵਾਲੀ, ਕਮਲਜੀਤ ਸਿੰਘ ਬਲਾਕ ਪ੍ਰਧਾਨ, ਹਰਪ੍ਰੀਤ ਸਿੰਘ ਹੀਰਾ, ਨਿਸ਼ਾਨ ਸਿੰਘ ਟਰੱਕ ਯੂਨੀਅਨ ਫਿਰੋਜ਼ਪੁਰ ਸ਼ਹਿਰ, ਪ੍ਰਧਾਨ ਵਿੱਕੀ ਚਹਿਲ ਵੀਰੂ ਰਾਜ ਕੁਮਾਰ ਕੇਵਲ ਚੌਧਰੀ ਪੱਥਰਸ ਗਿੱਲ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਵੱਲੋਂ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਸਵਰਨ ਸਿੰਘ ਹਰਜਿੰਦਰ ਸਿੰਘ ਬੱਗਾ ਵਰਿੰਦਰ ਸਿੰਘ ਲਾਡੀ ਕਿਰਤੀ ਕਿਸਾਨ ਯੂਨੀਅਨ ਵੱਲੋਂ ਰਜਿੰਦਰ ਸਿੰਘ ਕੰਗਰਾ ਜਿਲਾ ਪ੍ਰਧਾਨ ਆਦਿ ਆਪਣੇ ਸਾਥੀਆਂ ਨਾਲ ਮੌਜੂਦ ਸਨ।

ਖੇਡਾਂ ਵਤਨ ਪੰਜਾਬ ਦੀਆਂ' ਦੇ ਸਮਾਪਤੀ ਸਮਾਰੋਹ ਦੀਆਂ ਤਿਆਰੀਆਂ ਨੂੰ ਲੈ ਕੇ ਮੀਟਿੰਗ

29 ਨਵੰਬਰ ਨੂੰ ਲਾਜਵੰਤੀ ਸਟੇਡੀਅਮ ਵਿਖੇ ਹੋਵੇਗਾ ਸੂਬਾ ਪੱਧਰੀ ਸਮਾਪਤੀ ਸਮਾਰੋਹ

ਹੁਸ਼ਿਆਰਪੁਰ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-ਖੇਡਾਂ ਵਤਨ ਪੰਜਾਬ ਦੀਆਂ' ਦੇ ਸੂਬਾ ਪੱਧਰੀ ਸਮਾਪਤੀ ਸਮਾਰੋਹ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਅੱਜ ਲਾਜਵੰਤੀ ਸਟੇਡੀਅਮ ਵਿਖੇ ਤਿਆਰੀਆਂ ਸਬੰਧੀ ਵਿਸ਼ੇਸ਼ ਮੀਟਿੰਗ ਕੀਤੀ ਗਈ। 29 ਨਵੰਬਰ ਨੂੰ ਹੋਣ ਵਾਲੇ ਇਸ ਸਮਾਰੋਹ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਏ ਡੀ ਸੀ ਦਸੂਹਾ ਅਤੇ ਆਰਟੀਓ ਅਮਨਦੀਪ ਕੌਰ ਘੁੰਮਣ, ਨਗਰ ਨਿਗਮ ਕਮਿਸ਼ਨਰ ਪ੍ਰੀਤਿੰਦਰ ਸਿੰਘ ਬੈਂਸ ਅਤੇ ਐਸਡੀਐਮ ਪਰਮਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮਾਪਤੀ ਸਮਾਰੋਹ ਦੇ ਪ੍ਰਬੰਧਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਸੁਰੱਖਿਆ ਪ੍ਰਬੰਧਾਂ, ਸਾਫ਼-ਸਫ਼ਾਈ, ਮੈਡੀਕਲ ਟੀਮਾਂ ਦੀ ਤਾਇਨਾਤੀ, ਸੱਭਿਆਚਾਰਕ ਪ੍ਰੋਗਰਾਮਾਂ, ਪਾਰਕਿੰਗ ਵਿਵਸਥਾ, ਪੀਣ ਵਾਲੇ ਪਾਣੀ, ਬਿਜਲੀ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਸਬੰਧੀ ਸਮੀਖਿਆ ਕੀਤੀ ਗਈ। ਅਧਿਕਾਰੀਆਂ ਨੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਸਮਾਰੋਹ ਨਾਲ ਜੁੜੀਆਂ ਸਾਰੀਆਂ ਤਿਆਰੀਆਂ ਨਿਰਧਾਰਤ ਸਮੇਂ ਤੋਂ ਪਹਿਲਾਂ

ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ

ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ



ਨਵੀਂ ਦਿੱਲੀ, 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਗੁਰਦੁਆਰਾ ਗੁਰੂ ਕਾ ਬਾਗ ਤੋਂ ਆਰੰਭ ਹੋ ਕੇ ਤਖ਼ਤ ਪਟਨਾ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਇਆ। ਇੱਥੇ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਨਗਰ ਕੀਰਤਨ ਵਿੱਚ ਸ਼ਾਮਲ ਪੰਜ ਪਿਆਰੇ ਸਾਹਿਬਾਨ ਅਤੇ ਸੰਗਤਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿੱਥੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੰਪੂਰਨਤਾ ਉਪਰੰਤ ਭਾਈ ਨਿਸ਼ਾਨ ਸਿੰਘ ਜੀ ਧੁਬਾਲ ਦੇ ਕਵੀਸ਼ਰੀ ਜਥੇ ਨੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਬਾਅਦ ਤਖ਼ਤ ਸਾਹਿਬ ਦੇ ਹਜ਼ੂਰੀ ਕਥਾਵਾਚਕ ਗਿਆਨੀ ਦਲਜੀਤ ਸਿੰਘ ਜੀ ਵੱਲੋਂ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਬਾਰੇ ਕਥਾ ਕੀਤੀ ਗਈ। ਉਪਰੰਤ ਭਾਈ ਗੁਰਦੀਪ ਸਿੰਘ ਜੀ, ਰਾਗੀ ਜਥਾ ਜਮਸ਼ੇਦਪੁਰ, ਭਾਈ ਹਰਮੀਤ ਸਿੰਘ ਜੀ, ਰਾਗੀ ਜਥਾ ਜਮਸ਼ੇਦਪੁਰ ਅਤੇ ਭਾਈ ਗੁਰਮੇਲ ਸਿੰਘ ਜੀ ਬਰਨਾਲਾ, ਰਾਗੀ ਜਥਾ ਲੁਧਿਆਣਾ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸ ਤੋਂ ਬਾਅਦ ਜਥੇਦਾਰ ਸਿੰਘ ਸਾਹਿਬ ਭਾਈ ਬਲਦੇਵ ਸਿੰਘ ਜੀ ਅਤੇ ਐਡੀਸ਼ਨਲ ਹੈੱਡ ਗ੍ਰੰਥੀ ਵੱਲੋਂ ਅਰਦਾਸ ਕੀਤੀ ਗਈ। ਸਟੇਜ ਸਕੱਤਰ ਦੀ ਸੇਵਾ ਗਿਆਨੀ ਗਗਨਦੀਪ ਸਿੰਘ ਜੀ, ਹਜ਼ੂਰੀ ਕਥਾਵਾਚਕ ਵੱਲੋਂ ਨਿਭਾਈ ਗਈ। ਦੀਵਾਨ ਵਿੱਚ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ, ਸਕੱਤਰ ਸਰਦਾਰ ਹਰਬੰਸ ਸਿੰਘ, ਮੀਤ ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ, ਮੈਂਬਰ ਸਰਦਾਰ ਮਹਿੰਦਰਪਾਲ ਸਿੰਘ ਢਿੱਲੋਂ ਅਤੇ ਸਰਦਾਰ ਹਰਪਾਲ ਸਿੰਘ ਜੋਹਲ ਨੇ ਹਾਜ਼ਰੀ ਭਰ ਕੇ ਸੰਗਤਾਂ ਦੇ ਦਰਸ਼ਨ ਕੀਤੇ। ਸਰਦਾਰ ਜਗਜੋਤ ਸਿੰਘ ਸੋਹੀ ਅਤੇ ਸਰਦਾਰ ਇੰਦਰਜੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸੰਸਾਰਕ ਹਨੇਰੇ ਵਿੱਚ ਘਿਰੀ ਮਨੁੱਖਤਾ ਨੂੰ ਸੱਚ ਦਾ ਮਾਰਗ ਵਿਖਾਇਆ। ਉਨ੍ਹਾਂ ਕਿਹਾ ਕਿ ਜਿਸ ਸਮੇਂ ਸੰਸਾਰ ਵਿੱਚ ਕਰਮਕਾਂਡਾਂ ਦਾ ਬਹੁਤ ਜ਼ਿਆਦਾ ਬੋਲਬਾਲਾ ਸੀ, ਉਸ ਸਮੇਂ ਗੁਰੂ ਸਾਹਿਬ ਨੇ ਇਨ੍ਹਾਂ ਪਾਖੰਡਾਂ ਅਤੇ ਆਡੰਬਰਾਂ ਦਾ ਖੰਡਨ ਕਰਦਿਆਂ ਸਮੁੱਚੀ ਦੁਨੀਆ ਨੂੰ ਇਹ ਸੰਦੇਸ਼ ਦਿੱਤਾ ਕਿ ਸਾਰਾ ਸੰਸਾਰ ਇੱਕੋ ਜੋਤ ਨਾਲ ਜੁੜਿਆ ਹੋਇਆ ਹੈ ਅਤੇ ਇੱਕੋ ਨੂਰ ਤੋਂ ਸਮੁੱਚੀ ਸ੍ਰਿਸ਼ਟੀ ਦੀ ਉਤਪਤੀ ਹੋਈ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਆਪਣੀਆਂ ਸਿੱਖਿਆਵਾਂ ਰਾਹੀਂ ਜਿੱਥੇ ਉਸ ਸਮੇਂ ਦੇ ਜ਼ਾਲਮ ਸ਼ਾਸਕ ਬਾਬਰ ਦੀ ਨਿੰਦਾ ਕੀਤੀ, ਉੱਥੇ ਹੀ ਔਰਤਾਂ ਦੇ ਸਤਿਕਾਰ ਅਤੇ ਬਰਾਬਰੀ ਦਾ ਸੰਦੇਸ਼ ਵੀ ਸਮੁੱਚੀ ਦੁਨੀਆ ਸਾਹਮਣੇ ਰੱਖਿਆ। ਗੁਰੂ ਸਾਹਿਬ ਨੇ ਸਪੱਸ਼ਟ ਕੀਤਾ ਕਿ ਜਿਸ ਇਸਤਰੀ ਨੇ ਰਾਜਿਆਂ ਅਤੇ ਸ਼ਾਸਕਾਂ ਨੂੰ ਜਨਮ ਦਿੱਤਾ ਹੈ, ਉਸ ਨੂੰ ਮੰਦਾ ਕਿਵੇਂ ਆਖਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਸਾਡਾ ਮਾਰਗਦਰਸ਼ਨ ਕਰ ਰਹੀਆਂ ਹਨ ਅਤੇ ਸਮੁੱਚੀ ਮਨੁੱਖਤਾ ਉਨ੍ਹਾਂ ਵੱਲੋਂ ਵਿਖਾਏ ਮਾਰਗ 'ਤੇ ਚੱਲ ਕੇ ਆਪਣੇ ਜੀਵਨ ਨੂੰ ਸਫਲ ਬਣਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸੀਨੀਅਰ ਭਾਜਪਾ ਆਗੂ ਸਰਦਾਰ ਇਮਪ੍ਰੀਤ ਸਿੰਘ ਬਖ਼ਸ਼ੀ ਨੇ

ਪੰਜਾਬੀ ਅਕੈਡਮੀ, ਦਿੱਲੀ ਦੇ ਉਪ-ਚੇਅਰਮੈਨ ਵਜੋਂ ਅਹੁਦਾ ਸੰਭਾਲਿਆ



ਨਵੀਂ ਦਿੱਲੀ 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸਰਦਾਰ ਇਮਪ੍ਰੀਤ ਸਿੰਘ ਬਖ਼ਸ਼ੀ ਨੇ ਦਿੱਲੀ ਸਰਕਾਰ ਦੀ ਪੰਜਾਬੀ ਅਕੈਡਮੀ ਦੇ ਉਪ-ਚੇਅਰਮੈਨ ਵਜੋਂ ਰਸਮੀ ਤੌਰ 'ਤੇ ਅਹੁਦਾ ਸੰਭਾਲ ਲਿਆ। ਇਸ ਮੌਕੇ ਨਵ-ਨਿਯੁਕਤ ਉਪ-ਚੇਅਰਮੈਨ ਅਤੇ ਅਕੈਡਮੀ ਦੀ ਗਵਰਨਿੰਗ ਬਾਡੀ ਦੇ ਮੈਂਬਰਾਂ ਦੇ ਸਨਮਾਨ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਖੇਤਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਜੀ ਵੱਲੋਂ ਅਰਦਾਸ ਨਾਲ ਹੋਈ। ਇਸ ਮੌਕੇ ਭਾਜਪਾ ਦੇ ਕੌਮੀ ਸਕੱਤਰ ਸ੍ਰੀ ਜੈ ਪ੍ਰਕਾਸ਼ (ਜੇ.ਪੀ.), ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਉਪ-ਚੇਅਰਮੈਨ ਸ੍ਰੀ ਆਤਿਫ਼ ਰਸ਼ੀਦ, ਭਾਜਪਾ ਦੇ ਬੁਲਾਰੇ ਸ੍ਰੀ ਪ੍ਰਤਿਊਸ਼ ਕਾਂਤ, ਭਾਜਪਾ ਦਿੱਲੀ ਦੇ ਉਪ-ਪ੍ਰਧਾਨ ਸ੍ਰੀ ਸੁਨੀਲ ਯਾਦਵ ਅਤੇ ਸ਼੍ਰੀਮਤੀ ਸੋਨਾ ਕੁਮਾਰੀ, ਭਾਜਪਾ ਦਿੱਲੀ ਦੇ ਸਾਬਕਾ ਮੀਡੀਆ ਇੰਚਾਰਜ ਸ੍ਰੀ ਨੀਲਕੰਠ ਬਖ਼ਸ਼ੀ, ਦਿੱਲੀ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਸਰਦਾਰ ਕੁਲਦੀਪ ਸਿੰਘ, ਭਾਜਪਾ ਉੱਤਰ ਪ੍ਰਦੇਸ਼ ਦੇ ਬੁਲਾਰੇ ਸ੍ਰੀ ਪ੍ਰਤਾਪ ਨਗਰ ਅਤੇ ਕੌਂਸਲਰ ਸ੍ਰੀ ਕਮਲ ਬਾਗੜੀ ਸਮੇਤ ਪੰਜਾਬੀ ਅਕੈਡਮੀ ਦੀ ਨਵ-ਗਠਿਤ ਗਵਰਨਿੰਗ ਬਾਡੀ ਦੇ ਮੈਂਬਰ ਸ਼੍ਰੀਮਤੀ ਜਸਵਿੰਦਰ ਕੌਰ ਬਿੰਦਰਾ, ਸ੍ਰੀ ਜਸਮਨ ਸਿੰਘ ਨੋਨੀ, ਸ੍ਰੀ ਹਰੀਸ਼ ਹਰਜਾਈ, ਸ੍ਰੀ ਜਗਦੀਸ਼ ਸਿੰਘ, ਸ੍ਰੀ ਅਵਤਾਰ ਸਾਹਨੀ, ਸ੍ਰੀ ਕੁਲਵੰਤ ਸਿੰਘ ਬਾਠ, ਸ੍ਰੀ ਰਾਜੀਵ ਗੁਗਲਾਨੀ, ਸ੍ਰੀ ਸ਼ਸ਼ੀ ਜੇਤਲੀ, ਸ੍ਰੀ ਚਰਨਜੀਤ ਸਿੰਘ ਲਵਲੀ ਅਤੇ ਸ੍ਰੀ ਇਸਪ੍ਰੀਤ ਸਿੰਘ ਵੀ ਹਾਜ਼ਰ ਸਨ। ਅਹੁਦਾ ਸੰਭਾਲਣ ਉਪਰੰਤ ਸਰਦਾਰ ਇਮਪ੍ਰੀਤ ਸਿੰਘ ਬਖ਼ਸ਼ੀ ਨੇ ਭਾਜਪਾ ਦੀ ਸੀਨੀਅਰ ਲੀਡਰਸ਼ਿਪ ਅਤੇ ਦਿੱਲੀ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਸਮਰਪਣ ਅਤੇ ਨਿਸ਼ਠਾ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬੀ ਅਕੈਡਮੀ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੀ ਅਮੀਰ ਵਿਰਾਸਤ ਨੂੰ ਸੰਭਾਲਣ ਅਤੇ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਅਹਿਮ ਭੂਮਿਕਾ ਨਿਭਾਉਂਦੀ ਹੈ। ਅਕੈਡਮੀ ਰਾਹੀਂ ਪੰਜਾਬੀ ਭਾਸ਼ਾ ਦੀ ਸਿੱਖਿਆ ਨੂੰ ਉਤਸ਼ਾਹਿਤ ਕਰਨ, ਨਵੇਂ ਲੇਖਕਾਂ ਅਤੇ ਕਲਾਕਾਰਾਂ ਨੂੰ ਮੌਕੇ ਪ੍ਰਦਾਨ ਕਰਨ, ਸਾਹਿਤਕ ਤੇ ਸੱਭਿਆਚਾਰਕ ਸਮਾਗਮ ਕਰਵਾਉਣ ਅਤੇ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਵਿਰਾਸਤ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਅਕੈਡਮੀ ਨੂੰ ਲੇਖਕਾਂ, ਕਵੀਆਂ, ਕਲਾਕਾਰਾਂ ਅਤੇ ਬੁੱਧੀਜੀਵੀਆਂ ਲਈ ਸਰਗਰਮ ਮੰਚ ਬਣਾਉਣ ਦੇ ਨਾਲ ਦਿੱਲੀ ਵਿੱਚ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ ਤੇ ਪ੍ਰਸਾਰ ਨੂੰ ਨਵੀਂ ਦਿਸ਼ਾ ਅਤੇ ਗਤੀ ਦੇਣ ਲਈ ਕੰਮ ਕੀਤਾ ਜਾਵੇਗਾ। ਸਮਾਗਮ ਦੌਰਾਨ ਨਵੇਂ ਅਹੁਦੇਦਾਰਾਂ ਨੂੰ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਦੇ ਸਫ਼ਲ ਕਾਰਜਕਾਲ ਦੀ ਕਾਮਨਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਦਿੱਲੀ ਕਮੇਟੀ ਵੱਲੋਂ ਬੇਅਦਬੀ ਦੇ ਦੋਸ਼ਾਂ ਨੂੰ ਗੰਭੀਰਤਾ ਨਾਲ ਲੈ ਕੇ ਨਿਰਪੱਖ ਜਾਂਚ ਕਰਵਾਉਣ ਜਥੇਦਾਰ ਸਾਹਿਬਾਨ- ਸ ਰਵੀਇੰਦਰ ਸਿੰਘ



ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸਿੱਖ ਚਿੰਤਕ, ਬਜ਼ੁਰਗ ਅਕਾਲੀ ਆਗੂ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਸ ਰਵੀਇੰਦਰ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਦਿੱਲੀ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਪਿੱਛੇ ਦਿੱਲੀ ਕਮੇਟੀ ਦੇ ਪ੍ਰਧਾਨ ਅਤੇ ਜਰਨਲ ਸਕੱਤਰ ਵੱਲੋਂ ਅਕਾਲੀ ਦਲ ਬਾਦਲ ਉਤੇ ਸ਼ੱਕ ਪ੍ਰਗਟਾਉਣ ਨੂੰ ਬਹੁਤ ਹੀ ਗੰਭੀਰਤਾ ਨਾਲ ਲਿਆ ਜਾਣਾ ਚਾਹੀਦਾ ਹੈ। ਕਿਉਂਕਿ ਇਹ ਸਿੱਖ ਧਰਮ ਦੀ ਆਸਥਾ ਦਾ ਮਸਲਾ ਹੈ। ਸ ਰਵੀਇੰਦਰ ਸਿੰਘ ਨੇ ਕਿਹਾ ਕਿਉਂਕਿ ਇਤਿਹਾਸ ਵਿੱਚ ਇਹ ਇਲਜ਼ਾਮ ਪਹਿਲਾਂ ਵੀ ਬੜੀ ਸ਼ਿੱਦਤ ਨਾਲ ਲੱਗ ਚੁੱਕੇ ਹਨ ਜਦੋਂ ਅਕਾਲੀ ਦਲ ਬਾਦਲ ਦੀ ਸਰਕਾਰ ਦੌਰਾਨ 2015 ਵਿੱਚ ਲਗਾਤਾਰ ਬੇਅਦਬੀਆਂ ਹੋਈਆਂ ਸਨ ਅਤੇ ਇਕ ਵੀ ਗ੍ਰਿਫਤਾਰੀ ਨਹੀਂ ਸੀ ਹੋਈ। ਸਗੋਂ ਉਸ ਵੇਲੇ ਦੇ ਗ੍ਰਹਿ ਮੰਤਰੀ ਸੁਖਬੀਰ ਬਾਦਲ ਨੇ ਪ੍ਰੈੱਸ ਕਾਨਫਰੰਸ ਕਰਕੇ ਬੇਅਦਬੀਆਂ ਪਿੱਛੇ ਵਿਦੇਸ਼ੀ ਹੱਥ ਹੋਣ ਦੀ ਗੱਲ ਕਹੀ ਸੀ। ਜਦਕਿ ਸਾਰੇ ਮੁਕਾਮੀ ਲੋਕ ਜਾਣਦੇ ਸਨ ਕਿ ਇਹਨਾਂ ਬੇਅਦਬੀਆਂ ਪਿੱਛੇ ਡੇਰਾ ਸਿਰਸਾ ਦਾ ਹੱਥ ਸੀ। ਵਿਦੇਸ਼ੀ ਹੱਥ ਦੀ ਸਾਜਿਸ਼ ਲੱਭਣ ਵਾਲੇ ਸੁਖਬੀਰ ਨੇ ਡੇਰਾ ਸਿਰਸਾ ਦੀ ਸ਼ਮੂਲੀਅਤ ਨੂੰ ਮਿਲੀਭੁਗਤ ਹੋਣ ਕਰਕੇ ਜਾਣਬੁੱਝ ਛੁਪਾਇਆ ਸੀ। ਹੁਣ ਵੀ ਜਦੋਂ ਦਿੱਲੀ ਵਿੱਚ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਹੋਣ ਜਾ ਰਹੀਆਂ ਹਨ ਤਾਂ ਕਾਬਜ ਧਿਰ ਨੂੰ ਨੀਵਾਂ ਵਿਖਾਉਣ ਲਈ ਇਹ ਲੋਕ ਬੇਅਦਬੀਆਂ ਵਰਗੀ ਘਟੀਆ ਕਾਰਵਾਈ ਨੂੰ ਅੰਜਾਮ ਦੇ ਸਕਦੇ ਹਨ। ਸ ਰਵੀਇੰਦਰ ਸਿੰਘ ਨੇ ਦਿੱਲੀ ਕਮੇਟੀ ਦੇ ਪ੍ਰਮੁੱਖ ਆਗੂਆਂ ਵੱਲੋਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ 'ਤੇ ਪੱਖਪਾਤ ਦੇ ਲਾਏ ਇਲਜ਼ਾਮ ਦੀ ਪ੍ਰੋੜਤਾ ਕਰਦਿਆਂ ਕਿਹਾ ਕਿ ਜਿਸ ਤਰਾਂ ਦੂਜੀ ਧਿਰ ਦਾ ਪੱਖ ਸੁਣੇ ਬਿਨਾ ਸ੍ਰੀ ਅਕਾਲ ਤਖਤ ਸਾਹਿਬ ਤੋਂ ਫੈਸਲੇ ਹੋ ਰਹੇ ਹਨ, ਉਸਤੋਂ ਲੱਗਦਾ ਹੈ ਕਿ ਇਹ ਕਿਸੇ ਸੋਚੀ ਸਮਝੀ ਸਿਆਸਤ ਦਾ ਹਿੱਸਾ ਹਨ। ਇਸਤੋਂ ਪਹਿਲਾਂ ਵੀ ਐਸਜੀਪੀਸੀ ਵਿੱਚ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਲਿਖਤੀ ਸਪੱਸ਼ਟੀਕਰਨ ਦੇਣ ਦੇ ਬਾਵਜੂਦ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਅਜੇ ਤੱਕ ਦੋਸ਼ ਮੁਕਤ ਨਹੀਂ ਕੀਤਾ ਗਿਆ ਜਿਸ ਕਰਕੇ ਉਹ ਕਮੇਟੀ ਦੀ ਵਰਕਿੰਗ ਵਿੱਚ ਸ਼ਾਮਲ ਨਹੀਂ ਹੋ ਸਕੇ ਅਤੇ ਦੁਬਾਰਾ ਐਗਜੈਕਟਿਵ ਚ ਆਉਣ ਤੋਂ ਵੀ ਵਾਂਝੇ ਕਰ ਦਿੱਤੇ ਗਏ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਪਹਿਲਾਂ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿੱਚ ਕਾਂਗਰਸੀ ਮੈਂਬਰਾਂ ਨੂੰ ਬੋਲਣ ਦਾ ਮੰਚ ਮੁਹੱਈਆ ਕਰਾ ਕੇ ਮਰਿਆਦਾ ਦੀ ਉਲੰਘਣਾ ਕੀਤੀ ਗਈ ਸੀ, ਜਿਸ ਦੀ ਲਿਖਤੀ ਸ਼ਿਕਾਇਤ ਕੁਝ ਵਿਦਵਾਨਾਂ ਨੇ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਨੂੰ ਲਿਖਤੀ ਰੂਪ ਵਿੱਚ ਕੀਤੀ ਸੀ। ਪਰ ਉਸ ਸ਼ਿਕਾਇਤ ਉੱਤੇ ਹੋਈ ਕਿਸੇ ਕਾਰਵਾਈ ਬਾਰੇ ਕੋਈ ਖਬਰ ਸੁਣਨ ਨੂੰ ਨਹੀਂ ਮਿਲੀ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਪੂਰੀ ਕੌਮ ਦਾ ਸਾਂਝਾ ਹੈ ਇਸ ਲਈ ਉਥੋਂ ਹੋਣ ਵਾਲੇ ਫੈਸਲਿਆਂ ਵਿੱਚ ਸਪੱਸ਼ਟਤਾ ਅਤੇ ਨਿਰਪੱਖਤਾ ਨਜਰ ਆਉਣੀ ਚਾਹੀਦੀ ਹੈ। ਜੇ ਕਿਸੇ ਅਕਾਲੀ ਧੜੇ ਉਤੇ ਬੇਅਦਬੀ ਦੇ ਦੋਸ਼ ਲੱਗੇ ਹਨ ਤਾਂ ਇਸ ਬਾਰੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਡੂੰਘਾਈ ਨਾਲ ਛਾਣਬੀਣ ਕਰਾਉਣੀ ਚਾਹੀਦੀ ਹੈ। ਤਾਂ ਜੋ ਲੋਕਾਂ ਦਾ ਵਿਸ਼ਵਾਸ ਸ੍ਰੀ ਅਕਾਲ ਤਖਤ ਸਾਹਿਬ ਦੀ ਨਿਰਪੱਖਤਾ ਵਿੱਚ ਬਣਿਆ ਰਹੇ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ

ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ, ਕਵੀਸ਼ਰੀ, ਢਾਡੀ ਵਾਰਾਂ ਅਤੇ ਕੋਰੀਓਗ੍ਰਾਫੀ ਰਾਹੀਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦਾ ਦਿੱਤਾ ਸੰਦੇਸ਼

ਭਿੱਖੀਵਿੰਡ/ਖਾਲੜਾ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਵਿਖੇ ਸਿੱਖ ਧਰਮ ਦੇ ਬਾਨੀ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪਵਿੱਤਰ ਮੌਕੇ ਸਕੂਲ ਦਾ ਸਮੁੱਚਾ ਵਾਤਾਵਰਨ ਗੁਰਬਾਣੀ ਦੀਆਂ ਮਿੱਠੀਆਂ ਧੁਨਾਂ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਰੂਹਾਨੀ ਰੰਗ ਵਿੱਚ ਰੰਗਿਆ ਨਜ਼ਰ ਆਇਆ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਮਿੱਠੀ ਗੁਰਬਾਣੀ ਦੇ ਕੀਰਤਨ ਨਾਲ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਨ੍ਹਾਂ ਦੀਆਂ ਉਦਾਸੀਆਂ, ਮਹਾਨ ਵਿਚਾਰਧਾਰਾ ਅਤੇ ਸਮੁੱਚੀ ਮਨੁੱਖਤਾ ਨੂੰ ਦਿੱਤੇ ਸਾਂਝੇ ਸੰਦੇਸ਼ ਨੂੰ ਕਥਾ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਗੁਰੂ ਸਾਹਿਬ ਦੇ ਜੀਵਨ ਨਾਲ ਸਬੰਧਤ ਪ੍ਰਸ਼ਨੋਤਰੀ ਸੈਸ਼ਨ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣ